ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

# Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 2 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




AWAZE QAUM TOUR & TRAVEL
(YATRA SINCE 2000)
ਆਵਾਜ਼ਿ ਕੌਮ
AWAZE QAUM
International Newspaper & WEB TV
YATRA
NANKANA SAHIB
WE WILL ALSO BE VISITING 25+ GURDWARA'S AND HISTORICAL PLACES
30 OCT TO 8 NOV, 2025
YATRA INCLUDES:
GURDWARA NANKANA SAHIB
GURDWARA PATTI SAHIB
GURDWARA TAMBU SAHIB
GURDWARA KIARA SAHIB
GURDWARA MALJI SAHIB
GURDWARA BAL LILA SAHIB
GURDWARA SACHA SAUDA
GURDWARA RORI SAHIB
GURDWARA PANJA SAHIB
GURDWARA BEBE DI BER SIALKOT
GURDWARA DERA SAHIB
JANAM ASTHAN BEBE NANKI JI
BHAI LALU JI DA GHAR
JANAM ASTHAN GURU RAMDAS JI
GURDWARA SHRI KARTARPUR SAHIB
GURDWARA SHAHEED GANJ LAHORE
MATA SAHIB KAUR JI JANAM ASTHAN
DARBAR SAI MIAN MIR JI
SHAHI QILA (SIKH FORT)
RAGHBIR SINGH
+44
7976 210 161
PACKAGE INCLUDES:
PAKISTAN VISA• HOTEL(TWIN SHARE)•
LUXURY TRANSPORT• VEG. FOOD •
MINERAL WATER AND MUCH MORE
CANADA SANGAT: +1 647.231.1600 – USA SANGAT: +1 716.342.6007








ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






## SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.


ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਿਨ ਐਤਵਾਰ 19 ਅਕਤੂਬਰ 2025

ਸ਼ਹੀਦੀ ਦਿਹਾੜਾ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਨਗਰ ਕੀਰਤਨ ਦੀ ਆਰੰਭਤਾ ਸਮਾਂ 12:00 ਤੋਂ ਸ਼ਾਮ 5 ਵਜੇ ਪਿੰਡ ਕਾਜ਼ਲਮੋਰਾਨੋ ਵਿਚ ਹੀ ਸਮਾਪਤੀ ਹੋਵੇਗੀ।

**ਸ਼ਨਿੱਚਰਵਾਰ 18 ਅਕਤੂਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।**

ਐਤਵਾਰ 19 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:00 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਸ਼ਰਨ ਸਿੰਘ ਜੀ ਯੁ ਕੇ ਵਾਲੇ , ਕਥਾ ਵਾਚਕ , ਕਵੀਸ਼ਰੀ ਜਥਾ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ


ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ


ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)


ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)



ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

**ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।**


ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV




### ਦਿੱਲੀ ਵਿਚ ਕਿਤਾਬ ਰਿਲੀਜ਼ ਸਮਾਰੋਹ ’ਚ

# ਕੈਪਟਨ ਅਮਰਿੰਦਰ ਸਿੰਘ ਦਾ ਖੁਲਾਸਾ

**ਦਿੱਲੀ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਦਿੱਲੀ ਵਿੱਚ ਹੋਏ ਇੱਕ ਕਿਤਾਬ ਰਿਲੀਜ਼ ਸਮਾਰੋਹ ਦੌਰਾਨ ਵੱਡਾ ਖੁਲਾਸਾ ਕਰਦਿਆਂ ਕਿਹਾ ਕਿ ਉਹਨਾਂ ਨੂੰ ਰਾਜੀਵ ਗਾਂਧੀ ਵੱਲੋਂ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨਾਲ ਮੁਲਾਕਾਤ ਕਰਵਾਉਣ ਲਈ ਕਿਹਾ ਗਿਆ ਸੀ। ਕੈਪਟਨ ਦੇ ਅਨੁਸਾਰ,

**ਰਾਜੀਵ ਗਾਂਧੀ ਦੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ ਮੁਲਾਕਾਤ ਇੰਦਰਾ ਗਾਂਧੀ ਨੇ ਦੋ ਵਾਰ ਰੁਕਵਾਈ : ਕੈਪਟਨ**



ਉਸ ਵੇਲੇ ਦੇ ਐਸਐਸਪੀ ਸਿਮਰਨਜੀਤ ਸਿੰਘ ਮਾਨ, ਜੋ ਭਿੰਡਰਾਂਵਾਲੇ ਨਾਲ ਨੇੜਤਾ ਰੱਖਦੇ ਸਨ, ਦੀ ਮਦਦ ਨਾਲ ਅੰਬਾਲਾ ਏਅਰਬੇਸ ’ਤੇ ਇਹ ਮੁਲਾਕਾਤ ਨਿਸਚਿਤ ਕੀਤੀ ਗਈ ਸੀ। ਪਰ ਜਿਉਂ ਹੀ ਰਾਜੀਵ ਗਾਂਧੀ ਦਿੱਲੀ ਤੋਂ ਰਵਾਨਾ ਹੋਏ, ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਸੁਨੇਹਾ ਆ ਗਿਆ ਕਿ ਇਹ ਮੁਲਾਕਾਤ ਨਾ ਹੋਵੇ। ਕੈਪਟਨ ਨੇ ਕਿਹਾ ਕਿ ਉਸ ਵੇਲੇ ਭਿੰਡਰਾਂਵਾਲੇ ਨੂੰ ਉਹਨਾਂ ਨੇ ਦੱਸਿਆ ਕਿ “ਜਹਾਜ਼ ਵਿੱਚ ਖਰਾਬੀ ਆ ਗਈ ਸੀ” ਇਸ ਲਈ ਮੁਲਾਕਾਤ ਨਹੀਂ ਹੋ ਸਕੀ। ਤਿੰਨ ਹਫ਼ਤਿਆਂ ਮਗਰੋਂ ਦੁਬਾਰਾ ਅੰਬਾਲਾ ਜਾਣ ਦੀ ਯੋਜਨਾ ਬਣੀ ਪਰ ਇਸ ਵਾਰ ਵੀ ਏਅਰਪੋਰਟ ਕੰਟਰੋਲ ਟਾਵਰ ਤੋਂ ਰਾਜੀਵ ਗਾਂਧੀ ਨੂੰ ਵਾਪਸ ਆਉਣ ਦੇ ਹੁਕਮ ਦਿੱਤੇ ਗਏ। ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਇੰਦਰਾ ਗਾਂਧੀ ਨੂੰ ਉਸ ਵੇਲੇ ਆਪਣੇ ਪੁੱਤਰ ਰਾਜੀਵ ਗਾਂਧੀ ਉੱਤੇ ਸੰਭਾਵੀ ਹਮਲੇ ਦਾ ਡਰ ਸੀ। ਇਹ ਚਿੰਤਾ ਤਤਕਾਲੀ ਪੰਜਾਬ ਮੁੱਖ ਮੰਤਰੀ ਦਰਬਾਰਾ ਸਿੰਘ ਵੱਲੋਂ ਜ਼ਾਹਿਰ ਕੀਤੀ ਗਈ ਸੀ ਕਿ ਰਾਜੀਵ ਗਾਂਧੀ ਨਿਸ਼ਾਨਾ ਬਣ ਸਕਦੇ ਹਨ। ਕੈਪਟਨ ਅਮਰਿੰਦਰ ਸਿੰਘ ਨੇ ਸਾਫ਼ ਕਿਹਾ ਕਿ ਜੇ ਇਹ ਗੱਲਬਾਤ “ਸਾਬੋਤਾਜ” ਨਾ ਕੀਤੀ ਜਾਂਦੀ, ਤਾਂ ਪੰਜਾਬ ਦੇ ਮਾਮਲੇ ਵਿੱਚ ਕੋਈ ਸਾਰਥਿਕ ਹੱਲ ਤੇ ਸਕਾਰਾਤਮਕ ਪ੍ਰਗਤੀ ਹੋ ਸਕਦੀ ਸੀ।

**ਵਿਚਾਰ ਆਪੋ-ਆਪਣਾ**

# 4 ਅਕਤੂਬਰ ਨੂੰ ਗੋਲੂਵਾਲਾ ਗੁਰਦੁਆਰੇ ’ਤੇ ਹਮਲੇ ਦੀ ਸਾਜ਼ਿਸ਼ ਦਾ ਖੁਲਾਸਾ





**ਗੋਲੂਵਾਲਾ/ਚੰਡੀਗੜ੍ਹ, 1 ਅਕਤੂਬਰ (ਖ਼ਾਸ ਰਿਪੋਰਟ)**-ਗੁਰਦੁਆਰਾ ਮਹਿਤਾਬਗੜ੍ਹ ਸਾਹਿਬ, ਮੰਡੀ ਗੋਲੂਵਾਲਾ (ਰਾਜਸਥਾਨ) ਵਿੱਚ 4 ਅਕਤੂਬਰ ਨੂੰ ਭਾਜਪਾ ਵਰਕਰਾਂ ਵੱਲੋਂ ਹਮਲੇ ਦੀ ਸੰਭਾਵਨਾ ਜ਼ਾਹਰ ਕੀਤੀ ਗਈ ਹੈ। ਇਸ ਸੰਬੰਧੀ ਗੰਭੀਰ ਚਿੰਤਾ ਜ਼ਾਹਰ ਕਰਦਿਆਂ ਬੀਬੀ ਹਰਮੀਤ ਕੌਰ ਖਾਲਸਾ ਗੋਲੂਵਾਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਪੰਜਾਬ ਅਤੇ ਰਾਜਸਥਾਨ ਦੇ ਮੁੱਖ ਮੰਤਰੀਆਂ, ਚੀਫ਼ ਜਸਟਿਸ ਸੁਪਰੀਮ ਕੋਰਟ, ਹਾਈਕੋਰਟ, ਜ਼ਿਲ੍ਹਾ ਕਲੈਕਟਰ, ਐਸਪੀ ਹਨੂਮਾਨਗੜ੍ਹ-ਗੰਗਾਨਗਰ ਸਮੇਤ ਮੀਡੀਆ ਅਤੇ ਸਿੱਖ ਜਥੇਬੰਦੀਆਂ ਨੂੰ ਲਿਖਤੀ ਸ਼ਿਕਾਇਤ ਭੇਜੀ ਹੈ। ਬੀਬੀ ਹਰਮੀਤ ਕੌਰ ਖਾਲਸਾ ਦਾ ਦੋਸ਼ ਹੈ ਕਿ ਇਸ ਵਾਰ ਭਾਜਪਾ ਗੈਰ-ਸਿੱਖ ਤੱਤਾਂ ਦੀ ਥਾਂ ਜਾਅਲੀ ਸਿੱਖਾਂ ਅਤੇ ਨਕਲੀ ਨਿਹੰਗਾਂ ਨੂੰ ਸਾਹਮਣੇ ਲਿਆਉਣ ਦੀ ਯੋਜਨਾ ਬਣਾ ਰਹੀ ਹੈ। ਇਸ ਮਾਮਲੇ ’ਤੇ ਪ੍ਰਤੀਕ੍ਰਿਆ ਦਿੰਦਿਆਂ ਸਿੱਖ ਆਗੂ ਤੇਜਿੰਦਰ ਪਾਲ ਸਿੰਘ ਟਿੰਮਾ ਨੇ ਕਿਹਾ ਕਿ “ਅਸਲੀ ਸਿੱਖ ਜਾਂ ਧਾਰਮਿਕ ਹਿੰਦੂ ਕਦੇ ਵੀ ਗੁਰਦੁਆਰੇ ਜਾਂ ਔਰਤਾਂ ਉੱਤੇ ਹਮਲਾ ਨਹੀਂ ਕਰ ਸਕਦੇ। ਜੇਕਰ ਅਜਿਹਾ ਕੋਈ ਹਮਲਾ ਕੀਤਾ ਗਿਆ ਤਾਂ ਇਸਦੇ ਨਤੀਜੇ ਘਾਤਕ ਹੋਣਗੇ।” ਇਹ ਮਾਮਲਾ ਹੁਣ ਕੌਮੀ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਧਿਆਨ ਦਾ ਕੇਂਦਰ ਬਣ ਗਿਆ ਹੈ। ਵੱਖ-ਵੱਖ ਮਹਿਲਾ ਸੰਗਠਨਾਂ ਅਤੇ ਮਾਨਵ ਅਧਿਕਾਰ ਸੰਸਥਾਵਾਂ ਵੱਲੋਂ ਵੀ ਤੁਰੰਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


SHER GROUP
CANDIDATES
S. Gurmail Singh Malhi
Sewadar Sher Group
S. Didar Singh Randhawa
Chairman Sher Group
VOTE
S. Harjit Singh
S. Surinder Singh Dhatt
S. Gurbachan Singh Athwal
S. Shambir Singh Moon Sangha
Bibi Surjeet Kaur Bassi
Bibi Kamalpreet Kaur
Bibi Kiranjeet Kaur
S. Baljinder Sing Hansra
S. Jai Simran Singh
S. Manjit Singh
S. Satname Singh Chauhan
S. Jaswant Singh Mand
S. Kewal Singh Randeva
S. Gurdeep Singh
S. Joginder Singh
S. Ishtmeet Singh Phull
S. Ajmer Singh Virdee
S. Parmjit Singh dhaliwal
S. Amrik Singh
S. Gulzar Singh Chatrath
Gurmail Singh Malhi
ਗੁਰਮੇਲ ਸਿੰਘ ਮੱਲੀ
Harjit Singh
ਹਰਜੀਤ ਸਿੰਘ
Surinder Singh Dhatt
ਸੁਰਿੰਦਰ ਸਿੰਘ ਢੱਟ
Gurbachan Singh Athwal
ਗੁਰਬਚਨ ਸਿੰਘ ਅਠਵਾਲ
Sharnbir Singh Moon Sangha
ਸ਼ਰਨਬੀਰ ਸਿੰਘ ਮੂਨ ਸੰਘਾ
Bibi Surjeet Kaur Bassi
ਬੀਬੀ ਸੁਰਜੀਤ ਕੌਰ ਬਾਸੀ
Bibi Kamal Preet Kaur
ਬੀਬੀ ਕਮਲਪ੍ਰੀਤ ਕੌਰ
Bibi Kiranjeet Kaur
ਬੀਬੀ ਕਿਰਨਜੀਤ ਕੌਰ
Baljinder Singh Hansra
ਬਲਜਿੰਦਰ ਸਿੰਘ ਹੰਸਰਾ
Jai Simran Singh
ਜੈ ਸਿਮਰਨ ਸਿੰਘ
Manjit Singh
ਮਨਜੀਤ ਸਿੰਘ
Satnam Singh Chauhan
ਸਤਨਾਮ ਸਿੰਘ ਚੌਹਾਨ
Jaswant Singh Mand
ਜਸਵੰਤ ਸਿੰਘ ਮੰਡ
Kewal Singh Randeva
ਕੇਵਲ ਸਿੰਘ ਰਣਦੇਵਾ
Gurdeep Singh
ਗੁਰਦੀਪ ਸਿੰਘ
Joginder Singh
ਜੋਗਿੰਦਰ ਸਿੰਘ
Ishtmeet Singh Phull
ਇਸ਼ਟਮੀਤ ਸਿੰਘ ਫੁੱਲ
Ajmer Singh Virdee
ਅਜਮੇਰ ਸਿੰਘ ਵਿਰਦੀ
Parmjit Singh Dhaliwal
ਪ੍ਰਮਜੀਤ ਸਿੰਘ ਧਾਲੀਵਾਲ
Amrik Singh
ਅਮਰੀਕ ਸਿੰਘ
Gulzar Singh Chatrath
ਗੁਲਜ਼ਾਰ ਸਿੰਘ ਚਿੱਤਰਥ

## ਇੰਗਲੈਂਡ ਅਤੇ ਯੌਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

### ਆਵਾਜ਼ਿ ਕੌਮ ਟੂਰ & ਟਰੈਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।

**ਨਵੰਬਰ 2025**
ਬੁਕਿੰਗ ਸ਼ੁਰੂ ਹੈ
**ਪਾਕਿਸਤਾਨ ਯਾਤਰਾ ਪੈਕੇਜ £1650**



**NOV 2025**
Book Now
**Pakistan Yatra Package £1650**

## 9 Days Yatra - 31 Oct to 8 Nov, 2025

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿ'ਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋ 2010 ਤੋ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋ ਵੱਧ ਗੁਰਧਾਮਾਂ ਦੇ ਦਰਸ਼ਨ, ਯੌਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਯੌਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। **ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।**

ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।

**Yatra Expenses from UK: Pakistan 950 + Dubai 695 = From Europe Pakistan 1095 Dubai 795**

( Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)

Special Discount on Yatra for family with Kids & 5 Star Yatra Package available on request



## Awaze Qaum Tour & Travels


**Tel: + 44 7976 210161**

Canada & USA Sangat Call Jasbir Sgh Boparai @
Canada:+1-647-231-1600- USA: +1-716-342-6007




Awaze Qaum Tour & Travels & Raghbir Singh Jatha
SINGH TRAVEL & TOURS LTD.
Singh Travel
GURDHAM YATRA & SEVA SOCIETY
CANADA
GURDHAMYATRA.COM
YATRA
NANKANA SAHIB
OCT 30 - NOV 8, 2025
ਆਵਾਜ਼ਿ ਕੌਮ
AWAZE QAUM
International Newspaper & WEB TV
Nankana Sahib
Panja Sahib
kartarpur Sahib
25+ Gurdwara's & Historical places darshan
ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।
YATRA WITH SINGH TRAVEL – WE MAKE YOUR YATRA TRULY MEMORABLE!
4 Days Dubai + all meals Ac Buses, 5 Attractions Airport & hotel
UK. 695
Europe. 795
9 Days + Veg meals, Ac Buses, Visa+ Hotels & Z+ Security, Without Ticket
UK. 950
Europe. 1095
Pakistan Yatra 9 Days + Veg meals, Ac Buses, Visa+ Hotels, Z+ Security & Return Air Ticket
UK. 1650
Raghbir Singh
07976 210161
Mangal Singh
07939 486321
Jasbir S. Boparai
+1 647.231.1600

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

### ਦਸ਼ਮੇਸ਼ ਸਕੂਲ ਮਹਿਤਾ ਚੌਂਕ ਵਿਖੇ

# ਦੁਸ਼ਹਿਰੇ ਦਾ ਤਿਉਹਾਰ ਬੜੇ ਧੂਮ ਧਾਮ ਨਾਲ ਮਨਾਇਆ ਗਿਆ




**ਚੌਂਕ ਮਹਿਤਾ, 1 ਅਕੂਤਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਮਹਿਤਾ ਚੌਂਕ ਦੀ ਪੁਰਾਤਨ ਤੇ ਮੰਨੀ ਪ੍ਰਮੰਨੀ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਾਂਧੀ ਜੈਯੰਤੀ ਅਤੇ ਦੁਸ਼ਹਿਰੇ ਨੂੰ ਸਮਰਪਿਤ ਇੰਟਰ ਹਾਊਸ ਭਾਸ਼ਣ ਮੁਕਾਬਲੇ ਅਤੇ ਨਾਟਕ ਮੁਕਾਬਲੇ ਕਰਵਾਏ ਗਏ ।ਇਹ ਮੁਕਾਬਲੇ ਦੋ ਜੂਨੀਅਰ ਅਤੇ ਸੀਨੀਅਰ ਕੈਟਾਗਰੀ ਵਿੱਚ ਅਲੱਗ -ਅਲੱਗ ਕਰਵਾਏ ਗਏ ।ਸਕੂਲ ਵਿੱਚ ਚੱਲ ਰਹੇ ਤਿੰਨੋਂ ਹਾਊਸ ਬਿਆਸ , ਰਾਵੀ ਅਤੇ ਸਤਲੁਜ ਦੇ ਵਿਦਿਆਰਥੀਆਂ ਨੇ ਭਾਸ਼ਣ ਮੁਕਾਬਲੇ ਵਿੱਚ ਭਾਗ ਲਿਆ ।ਇਹ ਭਾਸ਼ਣ ਮੁਕਾਬਲੇ ਦੁਸ਼ਹਿਰੇ ਦੇ ਤਿਉਹਾਰ ਨੂੰ ਸਮਰਪਿਤ ਸਨ ਅਤੇ ਤਿੰਨੇ ਹਾਊਸਾਂ ਨੇ ਗਾਂਧੀ ਜੈਯੰਤੀ ਨਾਲ ਸੰਬੰਧਿਤ ਐਕਟ ਪੇਸ਼ ਕੀਤਾ ।ਜਿਸ ਵਿੱਚ ਗਾਂਧੀ ਜੀ ਦੇ ਜੀਵਨ ਅਤੇ ਫਲਸਫੇ ਨੂੰ ਬੱਚਿਆਂ ਸਾਹਮਣੇ ਪੇਸ਼ ਕੀਤਾ ਗਿਆ ।ਇੰਟਰ ਹਾਊਸ ਮੁਕਾਬਲਿਆਂ ਦਾ ਨਿਰਣਾ ਸਕੂਲ ਵੱਲੋਂ ਨਿਰਧਾਰਿਤ ਕੀਤੇ ਗਏ ਜੱਜ ਸਾਹਿਬਾਨਾਂ ਨੇ ਕੀਤਾ। ਜੂਨੀਅਰ ਭਾਸ਼ਣ ਮੁਕਾਬਲੇ ਵਿੱਚ ਪਹਿਲਾਂ ਸਥਾਨ ਬਿਆਸ ਹਾਊਸ, ਦੂਜਾ ਸਥਾਨ ਰਾਵੀ ਹਾਊਸ ,ਤੀਸਰਾ ਸਥਾਨ ਸਤਲੁਜ ਹਾਊਸ ਨੇ ਪ੍ਰਾਪਤ ਕੀਤਾ। ਸੀਨੀਅਰ ਵਿੰਗ ਦੇ ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਰਾਵੀ ਹਾਊਸ, ਦੂਸਰਾ ਬਿਆਸ ਹਾਊਸ ਅਤੇ ਤੀਸਰਾ ਸਥਾਨ ਸਤਲੁਜ ਹਾਊਸ ਨੇ ਪ੍ਰਾਪਤ ਕੀਤਾ। ਐਕਟ ਮੁਕਾਬਲੇ ਵਿੱਚ ਬੱਚਿਆਂ ਨੇ ਬਹੁਤ ਸੋਹਣੀ ਪ੍ਰਦਰਸ਼ਨੀ ਕੀਤੀ। ਇਸ ਵਿੱਚ ਵੀ ਪਹਿਲਾ ਸਥਾਨ ਰਾਵੀ ਹਾਊਸ ,ਦੂਸਰਾ ਬਿਆਸ ਹਾਊਸ ਅਤੇ ਤੀਸਰਾ ਸਤਲੁਜ ਹਾਊਸ ਨੇ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨਾਂ ਬੱਚਿਆਂ ਨੂੰ ਮਹਾਤਮਾ ਗਾਂਧੀ ਦੇ ਦੇਸ਼ ਆਜ਼ਾਦ ਕਰਵਾਉਣ ਦੇ ਯੋਗਦਾਨ ਬਾਰੇ ਜਾਣੂ ਕਰਵਾਇਆ ਅਤੇ ਨਾਲ ਹੀ ਦੁਸ਼ਹਿਰੇ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਦੱਸਿਆ ਕਿ ਦੁਸ਼ਹਿਰਾ ਕੇਵਲ ਤਿਉਹਾਰ ਦਾ ਪੁਰਬ ਨਹੀਂ ਸਗੋਂ ਮਾਨਵਤਾ ,ਇਨਸਾਨੀਅਤ,ਆਦਰਸ਼ਾਂ ਅਤੇ ਸਿੱਖਿਆਵਾਂ ਦਾ ਪ੍ਰਤੀਕ ਹੈ ।ਇਸ ਨੂੰ ਮਨਾਉਣ ਦੇ ਉਦੇਸ਼ ਉਦੋਂ ਹੀ ਪੂਰੇ ਹੋਣਗੇ ਜਦੋਂ ਅਸੀਂ ਇਸ ਦੀਆਂ ਸਿੱਖਿਆਵਾਂ ਉੱਪਰ ਅਮਲ ਕਰਾਂਗੇ ।ਇਸ ਮੌਕੇ ਮੈਂ. ਗੁਰਬੀਰ ਕੌਰ, ਮੈਂ. ਰਵਿੰਦਰ ਕੌਰ ,ਮੈਂ.ਸੁਧਾ ਸ਼ਰਮਾ .ਸਰ ਅੰਮ੍ਰਿਤਪਾਲ ਸਿੰਘ ,ਸਮੂਹ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਖੇਤੀਬਾੜੀ ਵਿਭਾਗ ਦੀ ਟੀਮ ਪਿੰਡ ਢਢੋਗਲ ਦੇ ਕਿਸਾਨਾਂ ਨੂੰ

# ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਾਉਣ ਸਬੰਧੀ ਪ੍ਰੇਰਿਤ ਕੀਤਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਖੇਤੀਬਾੜੀ ਅਫਸਰ ਡਾ ਧਰਮਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਰਹਿਨੁਮਾਈ ਹੇਠ ਬਲਾਕ ਧੂਰੀ ਦੇ ਪਿੰਡ ਢਢੋਗਲ ਵਿਖੇ ਕੈਂਪ ਦਾ ਆਯੋਜਨ ਕੀਤਾ ਗਿਆ। ਖੇਤੀਬਾੜੀ ਵਿਕਾਸ ਅਫਸਰ ਡਾ ਸਮਨਦੀਪ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾ ਕੇ ਖੇਤ ਵਿੱਚ ਹੀ ਵਾਹ ਕੇ ਕਣਕ ਦੀ ਬਜਾਈ ਕਰਨ ਸਬੰਧੀ ਅਤੇ ਬੇਲਰ ਦੁਆਰਾ ਗੰਡਾ ਬਣਾ ਕੇ ਪਰਾਲੀ ਨੂੰ ਖੇਤ ਚੋਂ ਬਾਹਰ ਕੱਢਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਕਣਕ ਦੀ ਬਜਾਈ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਟੈਸਟ ਕਰਵਾਉਣ ਉਪਰੰਤ ਲੋੜੀਦੀਆਂ ਖਾਦਾਂ ਦੀ ਵਰਤੋਂ ਸਬੰਧੀ ਪ੍ਰੇਰਿਤ ਕੀਤਾ ਗਿਆ । ਇਸ ਮੌਕੇ ਮਨਪ੍ਰੀਤ ਕੌਰ ਏਐਸਆਈ ਨਰੇਸ਼ ਕੁਮਾਰ ਏਐਸਆਈ। ਸੁਖਮਨ ਸਿੰਘ ਜਗਰਾਜ ਸਿੰਘ ਜਗਤਾਰ ਸਿੰਘ ਬੇਲਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਤਲਬੀਰ ਗਿੱਲ ਦੀ ਅਗਵਾਈ 'ਚ ਹਲਕੇ 'ਚ ਕਰਵਾਏ ਜਾ ਰਹੇ ਵੱਡੇ ਪੱਧਰ 'ਤੇ ਵਿਕਾਸ ਕਾਰਜ : ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ



ਚੌਂਕ ਮਹਿਤਾ,1 ਅਕਤੂਬਰ, (ਬਾਬਾ ਸੁਖਵੰਤ ਸਿੰਘ ਚੰਨਣਕੇ) ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਹਲਕੇ ਵਿਕਾਸ ਹੋਵੇਗਾ। ਅਤੇ ਲੋਕਾਂ ਦੇ ਕੰਮ ਹੋਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਨੌਜਵਾਨ ਧਾਕੜ ਸਰਪੰਚ ਕੁਲਵਿੰਦਰ ਸਿੰਘ ਚੰਨਣਕੇ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਅੱਗੇ ਕਿਹਾ ਕੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ 'ਚ ਹਲਕਾ ਮਜੀਠਾ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹੇਗਾ। ਹਲਕੇ ਦੀਆਂ ਸੜਕਾਂ ਦਾ ਨਵੀਨੀਕਰਨ ਕਰਨ ਲਈ ਵਿਆਪਕ ਪੱਧਰ 'ਤੇ ਯੋਜਨਾ ਤਿਆਰ ਕੀਤੀ ਗਈ ਹੈ, ਜਿਸ ਤਹਿਤ ਹਲਕੇ ਦੀਆਂ ਬਹੁਤ ਸਾਰੀਆਂ ਲਿੰਕ ਸੜਕਾਂ ਦੇ ਨਿਰਮਾਣ ਦਾ ਕੰਮ ਆਰੰਭ ਹੋ ਚੁੱਕਾ ਹੈ ਤੇ ਬਾਕੀ ਸੜਕਾਂ ਦਾ ਕੰਮ ਵੀ ਆਉਣ ਵਾਲੇ ਦਿਨਾਂ 'ਚ ਸ਼ੁਰੂ ਹੋ ਜਾਵੇਗਾ।ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਤੇ ਖੇਡਾਂ ਨਾਲ ਜੋੜਨ ਲਈ ਵਿਆਪਕ ਯੋਜਨਾ ਹਲਕਾ ਇੰਚਾਰਜ ਗਿੱਲ ਵੱਲੋਂ ਤਿਆਰ ਕੀਤੀ ਗਈ ਹੈ, ਜਿਸ ਤਹਿਤ ਪਹਿਲੇ ਪੜਾਅ 'ਚ 30 ਦੇ ਕਰੀਬ ਖੇਡ ਮੈਦਾਨਾਂ ਦੀ ਉਸਾਰੀ ਕਰਵਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲੀ ਆਗੂ ਜਗਦੀਪ ਚੀਮਾ 'ਤੇ ਕਾਰਵਾਈ, ਪਾਰਟੀ 'ਚੋਂ ਕੱਢੇ ਗਏ ਬਾਹਰ




**ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਅੱਜ ਵੱਡਾ ਫੈਸਲਾ ਲੈਂਦਿਆਂ ਪਾਰਟੀ ਆਗੂ ਜਗਦੀਪ ਸਿੰਘ ਚੀਮਾ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਦੇ ਦੋਸ਼ਾਂ ਹੇਠ ਪ੍ਰਾਇਮਰੀ ਮੈਂਬਰਸ਼ਿਪ ਤੋਂ ਕੱਢ ਦਿੱਤਾ ਗਿਆ ਹੈ। ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਜ਼ਿਲ੍ਹਾ ਸੰਗਠਨ ਵੱਲੋਂ ਮਿਲੀ ਰਿਪੋਰਟ ਅਤੇ ਸੀਨੀਅਰ ਲੀਡਰਾਂ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਇਹ ਕਦਮ ਚੁੱਕਿਆ। ਰਿਪੋਰਟਾਂ ਅਨੁਸਾਰ ਜਗਦੀਪ ਚੀਮਾ ਵੱਲੋਂ ਪਾਰਟੀ ਵਿਰੁੱਧ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਸਨ। ਇਸ ਫੈਸਲੇ ਦੀ ਜਾਣਕਾਰੀ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਆਪਣੇ ਅਧਿਕਾਰਕ ਸੋਸ਼ਲ ਮੀਡੀਆ ਹਿਸਾਬ ਰਾਹੀਂ ਸਾਂਝੀ ਕੀਤੀ। ਪਾਰਟੀ ਵੱਲੋਂ ਲਏ ਗਏ ਇਸ ਸਖ਼ਤ ਕਦਮ ਨੂੰ ਸੰਗਠਨਾਤਮਕ ਅਨੁਸ਼ਾਸਨ ਮਜ਼ਬੂਤ ਕਰਨ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਨੇ ਏਆਈ ਤਕਨੀਕ ਦੇ ਮਾਹਿਰਾਂ ਅਤੇ ਵਿਦਵਾਨਾਂ ਨਾਲ ਕੀਤੀ ਇਕੱਤਰਤਾ, ਮਾਹਿਰਾਂ ਨੇ ਦਿੱਤੇ ਕੀਮਤੀ ਸੁਝਾਅ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਤਕਨਾਲੋਜੀ ਦੀ ਦੁਰਵਰਤੋਂ ਨਾਲ ਸਿੱਖ ਧਰਮ ਦੀ ਕੀਤੀ ਜਾ ਰਹੀ ਬੇਅਦਬੀ ਰੋਕਣ ਲਈ ਨੀਤੀ ਬਨਾਉਣ ਵਾਸਤੇ ਇਸ ਖੇਤਰ ਵਿਚ ਕੰਮ ਕਰ ਰਹੇ ਤਕਨੀਕੀ ਮਾਹਿਰਾਂ ਨਾਲ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਇਕੱਤਰਤਾ ਹੋਈ। ਇਕੱਤਰਤਾ ਵਿਚ ਏਆਈ ਤਕਨੀਕ ਦੀ ਜਾਣਕਾਰੀ ਰੱਖਣ ਵਾਲੇ ਮਾਹਿਰਾਂ ਨੇ ਭਵਿੱਖ ਦੀਆਂ ਚੁਣੌਤੀਆਂ ਦੇ ਮੱਦੇਨਜ਼ਰ ਅਤੇ ਇਸ ਦੀ ਹੋ ਰਹੀ ਦੁਰਵਰਤੋਂ ਨੂੰ ਰੋਕਣ ਲਈ ਆਪਣੇ ਕੀਮਤੀ ਸੁਝਾਅ ਦਿੱਤੇ। ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਰਾਹੀਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਵੀਡੀਓ ਅਤੇ ਹੋਰ ਸਮੱਗਰੀ ਦਾ ਸੋਸ਼ਲ ਮੀਡੀਏ 'ਤੇ ਲਗਾਤਾਰ ਵਾਧਾ ਵੱਡੀ ਚਿੰਤਾ ਵਾਲਾ ਹੈ। ਇਸੇ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਇਸ ਖੇਤਰ ਵਿਚ ਕੰਮ ਕਰ ਰਹੇ ਮਾਹਿਰਾਂ ਤੋਂ ਸੁਝਾਅ ਲੈਣ ਲਈ ਅੱਜ ਦੀ ਇਕੱਤਰਤਾ ਬੁਲਾਈ ਸੀ, ਤਾਂ ਜੋ ਹੋ ਰਹੀ ਦੁਰਵਰਤੋਂ ਨੂੰ ਰੋਕਣ ਲਈ ਠੋਸ ਨੀਤੀ ਤਿਆਰ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਵਿਚ ਕੀਮਤੀ ਸੁਝਾਅ ਪ੍ਰਾਪਤ ਹੋਏ ਹਨ, ਜਿਨ੍ਹਾਂ ਨੂੰ ਅੰਤ੍ਰਿੰਗ ਕਮੇਟੀ ਦੀ ਆਉਣ ਵਾਲੀ ਇਕੱਤਰਤਾ ਵਿਚ ਵਿਚਾਰਿਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸੱਦੇ 'ਤੇ ਪੁੱਜੇ ਏਆਈ ਮਾਹਿਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਨਾਮ ਸਿੰਘ ਜੱਸਲ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਖਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਡਾ. ਜਸਵਿੰਦਰ ਸਿੰਘ, ਡਾ. ਵਿਲੀਅਮ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਇੰਜੀ: ਕਾਲਜ ਦੇ ਪ੍ਰਿੰਸੀਪਲ ਸ. ਲਖਵੀਰ ਸਿੰਘ, ਗੁਰੂ ਨਾਨਕ ਦੇਵ ਇੰਜੀ: ਕਾਲਜ ਲੁਧਿਆਣਾ ਤੋਂ ਡਾ. ਜਗਦੀਪ ਸਿੰਘ ਅਤੇ ਪ੍ਰੋ. ਸਤਿੰਦਰਪਾਲ ਸਿੰਘ, ਰਿਆਤ ਬਹਾਰਾ ਇੰਸਟੀਚਿਊਟ, ਹੁਸ਼ਿਆਰਪੁਰ ਤੋਂ ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਡਾ. ਕੁਲਦੀਪ ਸਿੰਘ, ਦਿੱਲੀ ਤੋਂ ਡਾ. ਸਰਬਜੋਤ ਸਿੰਘ ਆਨੰਦ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਡਵੋਕੇਟ ਸ. ਅਮਰਦੀਪ ਸਿੰਘ ਧਾਰਨੀ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸਿਸਟਮ ਐਡਮਿਨਸਟ੍ਰੇਟਰ ਸ. ਕਰਮਵੀਰ ਸਿੰਘ ਆਦਿ ਹਾਜ਼ਰ ਸਨ। ਇਸੇ ਦੌਰਾਨ ਕੈਨੇਡਾ ਤੋਂ ਸ. ਗਿਆਨ ਸਿੰਘ ਸੰਧੂ, ਅਮਰੀਕਾ ਤੋਂ ਡਾ. ਹਰਿੰਦਰ ਸਿੰਘ ਅਤੇ ਏਆਈ ਮਾਹਿਰ ਡਾ. ਸੰਦੀਪ ਸਿੰਘ ਸੰਧਾ ਆਨਲਾਈਨ ਮਾਧਿਅਮ ਰਾਹੀਂ ਇਕੱਤਰਤਾ 'ਚ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

14ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਪੰਜਵੇਂ ਦਿਨ ਖੇਡਿਆ ਗਿਆ ਨਾਟਕ 'ਆਸਮਾਨ ਜੋਗੀ'

# ਜੈਪੁਰ ਤੋਂ ਆਏ ਅਦਾਕਾਰਾਂ ਦੇ ਕੀਤੀ ਸੰਗੀਤਕ ਨਾਟਕ ਦੀ ਪੇਸ਼ਕਾਰੀ









**ਬਠਿੰਡਾ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਸੱਭਿਆਚਾਰਕ ਮੰਤਰਾਲਾ ਭਾਰਤ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਅਤੇ ਮਿਊਂਸਪਲ ਕਾਰਪੋਰੇਸ਼ਨ ਬਠਿੰਡਾ ਦੇ ਸਹਿਯੋਗ ਨਾਲ ਚੱਲ ਰਹੇ 14ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਪੰਜਵੇਂ ਦਿਨ ਨਾਟਕ 'ਆਸਮਾਨ ਜੋਗੀ' ਬਲਵੰਤ ਗਾਰਗੀ ਆਡੀਟੋਰੀਅਮ ਬਠਿੰਡਾ ਵਿਖੇ ਖੇਡਿਆ ਗਿਆ। ਵਿਜੇਦੇਵ ਦੇਥਾ ਵੱਲੋਂ ਲਿਖੇ ਇਸ ਨਾਟਕ ਨੂੰ ਰੰਗ ਮਸਤਾਨੇ ਜੈਪੁਰ ਦੀ ਟੀਮ ਨੇ ਸਾਵਨ ਕੁਮਾਰ ਜਾਂਗੀਰ ਦੇ ਤਕਨੀਕੀ ਨਿਰਦੇਸ਼ਨ ਹੇਠ ਪੇਸ਼ ਕੀਤਾ। ਨਾਟਕ ਦੇ ਸਲਾਹਕਾਰ ਅਭਿਸ਼ੇਕ ਮੁਦਗਲ ਸਨ। ਨਾਟਕ ਵਿੱਚ ਦਰਸਾਇਆ ਗਿਆ ਕਿ ਕਾਮ ਤ੍ਰਿਪਤੀ ਦੀ ਕੋਈ ਸੀਮਾ ਨਹੀਂ ਹੈ ਅਤੇ ਅਸਲ ਤ੍ਰਿਪਤੀ ਮਨ ਦੀ ਤ੍ਰਿਪਤੀ ਹੈ। ਇਸ ਸੰਗੀਤਕ ਨਾਟਕ ਵਿੱਚ ਨੈਸ਼ਨਲ ਸਕੂਲ ਆਫ ਡਰਾਮਾ ਦੇ ਪੱਧਰ ਦੀਆਂ ਨਾਟ-ਜੁਗਤਾਂ ਨੂੰ ਵਰਤਿਆ ਗਿਆ ਜਿਸ ਦਾ ਦਰਸ਼ਕਾਂ ਨੇ ਖੂਬ ਅਨੰਦ ਮਾਣਿਆ। ਪਾਤਰਾਂ ਦਾ ਅਭਿਨੈ ਵੀ ਸ਼ਾਨਦਾਰ ਰਿਹਾ। 14ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਪੰਜਵੇਂ ਦਿਨ ਸਤਿਕਾਰਿਤ ਮਹਿਮਾਨਾਂ ਵਜੋਂ ਸ਼੍ਰੀ ਅਮਰਜੀਤ ਮਹਿਤਾ ਪ੍ਰਧਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ, ਸ਼੍ਰੀ ਰਜਿੰਦਰ ਮਿੱਤਲ ਐਮ.ਡੀ. ਮਿੱਤਲ ਗਰੁੱਪ ਆਫ ਇੰਡਸਟਰੀਜ਼, ਸ਼੍ਰੀ ਸੁੱਖੀ ਬਾਠ ਉੱਘੇ ਸਮਾਜ ਸੇਵੀ ਤੇ ਸੰਸਥਾਪਕ ਪੰਜਾਬੀ ਭਵਨ ਸਰੀ ਕਨੇਡਾ ਅਤੇ ਡਾ. ਪਰਮਪ੍ਰੀਤ ਨਾਗਪਾਲ ਡਾਇਰੈਕਟਰ ਹੈੱਡ ਨਾਗਪਾਲ ਰੋਬੋਟਿਕ ਜੁਆਇੰਟ ਰਿਪਲੇਸਮੈਂਟ ਸੈਂਟਰ ਨੇ ਸ਼ਿਰਕਤ ਕੀਤੀ। ਨਾਟਿਅਮ ਦੇ ਸਰਪ੍ਰਸਤ ਡਾ.ਕਸ਼ਿਸ਼ ਗੁਪਤਾ ਅਤੇ ਡਾ. ਪੂਜਾ ਗੁਪਤਾ ਸਾਂਝੇ ਤੌਰ 'ਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤੇ। ਇਸ ਮੌਕੇ ਬੋਲਦਿਆਂ ਸ਼੍ਰੀ ਅਮਰਜੀਤ ਮਹਿਤਾ ਨੇ ਕਿਹਾ ਕਿ ਨਗਰ ਨਿਗਮ ਅਤੇ ਪ੍ਰਸ਼ਾਸਨ ਨਾਟਿਅਮ ਪੰਜਾਬ ਦੇ ਇਸ ਨਾਟ-ਉਤਸਵ ਨੂੰ ਸਫ਼ਲ ਬਣਾਉਣ ਵਿੱਚ ਹਰ ਸੰਭਵ ਯਤਨ ਕਰ ਰਹੇ ਹਨ। ਉਨ੍ਹਾਂ ਨਾਟਿਅਮ ਪੰਜਾਬ ਨੂੰ ਇਸ ਸਾਲ ਤੇ ਆਉਂਦੇ ਸਾਲਾਂ ਵਿੱਚ ਨਿਗਮ ਵੱਲੋਂ ਵਿੱਤੀ ਛੋਟ ਦੇਣ ਦਾ ਵਾਅਦਾ ਵੀ ਕੀਤਾ। ਸ਼੍ਰੀ ਰਜਿੰਦਰ ਮਿੱਤਲ ਨੇ ਇਹ ਕਹਿੰਦੇ ਹੋਏ ਭਰੋਸਾ ਦਿਵਾਇਆ ਕਿ ਨਾਟਿਅਮ ਜਿਸ ਕਲਾ ਜ਼ਿੰਦਾ ਰੱਖ ਰਿਹਾ ਉਸ ਨੂੰ ਉਨ੍ਹਾਂ ਦੇ ਮਿੱਤਲ ਗਰੁੱਪ ਵੱਲੋਂ ਪੱਕੀ ਵਿੱਤੀ ਮਦਦ ਦਿੱਤੀ ਜਾਵੇਗੀ। ਸ਼੍ਰੀ ਸੁਖੀ ਬਾਠ ਨੇ ਕਿਹਾ ਕਿ ਅਜੋਕੀ ਪੀੜ੍ਹੀ ਨੂੰ ਨਾਟ-ਕਲਾ ਨਾਲ ਜੋੜ ਕੇ ਨਾਟਿਅਮ ਬੜਾ ਹੀ ਸ਼ਲਾਘਾਯੋਗ ਕੰਮ ਕਰ ਰਿਹਾ ਹੈ। ਡਾ. ਪਰਮਪ੍ਰੀਤ ਨਾਗਪਾਲ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਨਾਗਪਾਲ ਗਰੁੱਪ ਹਮੇਸ਼ਾ ਹੀ ਨਾਟਿਅਮ ਗਰੁੱਪ ਦੇ ਹਰ ਕਾਰਜ ਵਿੱਚ ਮੋਢੇ ਨਾਲ ਮੋਢਾ ਲਾ ਕੇ ਖੜ੍ਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਖੜ੍ਹਾ ਰਹੇਗਾ। ਅੰਤ ਵਿੱਚ ਨਾਟਿਅਮ ਡਾਇਰੈਕਟਰ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੇ ਸਮੂਹ ਮਹਿਮਾਨਾਂ ਅਤੇ ਦਰਸ਼ਕਾਂ ਦਾ ਧੰਨਵਾਦ ਕੀਤਾ ਅਤੇ 15 ਦਿਨਾਂ ਇਸ ਨਾਟ-ਉਤਸਵ ਵਿੱਚ ਸ਼ਹਿਰ ਵਾਸੀਆਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਲਈ ਅਪੀਲ ਕੀਤੀ। ਇਸ ਥੀਏਟਰ ਫੈਸਟੀਵਲ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਈਆਂ ਨਾਟ-ਮੰਡਲੀਆਂ 15 ਨਾਟਕ ਪੇਸ਼ ਕਰਨਗੀਆਂ ਅਤੇ ਹਰ ਨਾਟਕ ਦਾ ਰੰਗ ਵੇਖਣਯੋਗ ਹੋਵੇਗਾ। ਮੰਚ ਸੰਚਾਲਕ ਦੀ ਭੂਮਿਕਾ ਡਾ. ਸੰਦੀਪ ਸਿੰਘ ਮੋਹਲਾਂ ਅਤੇ ਸ਼੍ਰੀ ਗੁਰਮੀਤ ਧੀਮਾਨ ਨੇ ਸਾਂਝੇ ਰੂਪ 'ਚ ਨਿਭਾਈ ਨੇ। ਇਸ ਦੌਰਾਨ ਐਮ.ਆਰ.ਐਸ.ਪੀ.ਟੀ.ਯੂ ਦੇ ਰਜਿਸਟਰਾਰ ਸ. ਗੁਰਿੰਦਰਪਾਲ ਸਿੰਘ ਬਰਾੜ, ਨਾਟਿਅਮ ਦੇ ਪ੍ਰਧਾਨ ਰਿੰਪੀ ਕਾਲੜਾ, ਈਵੈਂਟ ਕੋਆਰਡੀਨੇਟਰ ਗੁਰਨੂਰ ਸਿੰਘ, ਆਰ. ਪੀ. ਸੀ. ਕਾਲਜ ਬਠਿੰਡਾ ਦੇ ਪ੍ਰਿੰਸੀਪਲ ਜਸਵਿੰਦਰ ਸਿੰਘ, ਪ੍ਰਿੰਸੀਪਲ ਡਾ. ਜਸਪਾਲ ਰੋਮਾਣਾ, ਸਮੂਹ ਅਦਾਕਾਰ ਨਾਟਿਅਮ ਗਰੁੱਪ ਤੋਂ ਇਲਾਵਾ ਸ਼ਹਿਰ ਦੀਆਂ ਪ੍ਰਮੁੱਖ ਸਾਹਿਤਕ ਹਸਤੀਆਂ ਵਿੱਚੋਂ ਜਸਪਾਲ ਮਾਨਖੇੜਾ, ਅਮਰਜੀਤ ਜੀਤ, ਲਛਮਣ ਮਲੂਕਾ, ਮਲਕੀਤ ਸਿੰਘ ਮਛਾਣਾ ਅਤੇ ਹਰਦੀਪ ਤੱਗੜ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਬੇਨੜਾ ਵਿਖੇ ਸੈਲਰਾਂ,ਪੋਲਟਰੀ ਫਾਰਮਾ,ਭੱਠਿਆਂ,ਫ਼ੈਕਟਰੀਆਂ ਵਿੱਚ ਮੈਗਰੇਟਰੀ ਅਬਾਦੀ ਵਿੱਚ ਫੀਵਰ ਸਰਵੇ ਕੀਤਾ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾ.ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ, ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਆਉਂਦੇ ਪਿੰਡ ਬੇਨੜਾ ਵਿਖੇ ਸੈਲਰਾਂ,ਪੋਲਟਰੀ ਫਾਰਮਾ,ਭੱਠਿਆਂ,ਫੈਕਟਰੀਆਂ ਆਦਿ ਵਿੱਚ ਮੈਗਰੇਟਰੀ ਅਬਾਦੀ ਵਿੱਚ ਫੀਵਰ ਸਰਵੇ ਕੀਤਾ ਗਿਆ। ਟੀਮ ਮੈਂਬਰ ਅਸ਼ੋਕ ਕੁਮਾਰ ਐਸ ਆਈ ਅਤੇ ਅਮਰੀਕ ਸਿੰਘ ਮ,ਪ,ਹ,ਵ(ਮ) ਵੱਲੋਂ ਲੋਕਾਂ ਨੂੰ ਡੈਂਗੂ,ਚਿਕਨਗੁਨੀਆ ਅਤੇ ਮਲੇਰੀਆ ਬੁਖਾਰ ਅਤੇ ਗਰਮੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਬਚਾਓ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਡੇਂਗੂ ਦਾ ਲਾਰਵਾ ਲੱਭਣ ਤੇ ਨਸ਼ਟ ਕਰਨ ਲਈ ਗਠਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਨੇ ਜੋਨ ਪੱਧਰ ਅਤੇ ਜ਼ਿਲ੍ਹਾ ਪੱਧਰ ਐਥਲੈਟਿਕਸ ਮੀਟ ਵਿੱਚ ਮਾਰੀਆਂ ਮੱਲਾਂ

## ਜੋਨ ਪੱਧਰ ਅਥਲੈਟਿਕਸ ਮੀਟ ਵਿੱਚ ਜਿੱਤੇ 29 ਮੈਡਲ ਅਤੇ ਜਿਲਾ ਪੱਧਰ ਅਥਲੈਟਿਕਸ ਮੀਟ ਵਿੱਚ ਜਿੱਤੇ 10 ਮੈਡਲ




**ਤਲਵੰਡੀ ਸਾਬੋ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਲੰਘੇ 24 ਸਤੰਬਰ ਅਤੇ 25 ਸਤੰਬਰ ਨੂੰ ਜੋਨ ਤਲਵੰਡੀ ਸਾਬੋ ਦੀ ਅਥਲੈਟਿਕਸ ਮੀਟ ਵਿੱਚ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਨੇ 29 ਮੈਡਲ ਜਿੱਤ ਕੇ ਜੋਨ ਦਾ ਬੈਸਟ ਸਕੂਲ ਹੋਣ ਦਾ ਮਾਣ ਹਾਸਲ ਕੀਤਾ। ਗੁਰਮੇਲ ਸਿੰਘ ਐਸ.ਐਸ. ਮਾਸਟਰ ਨੇ ਇਸ ਸਮੇਂ ਦੱਸਿਆ ਕਿ ਇਸ ਐਥਲੈਟਿਕਸ ਮੀਟ ਵਿੱਚ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਦੇ ਅਥਲੀਟਾਂ ਨੇ 13 ਗੋਲਡ, 11 ਸਿਲਵਰ ਤੇ 5 ਬਰਾਉਂਜ ਮੈਡਲ ਜਿੱਤੇ। ਸਕੂਲ ਦੀ ਐਥਲੀਟ ਈਸ਼ਾ ਰਾਣੀ ਨੇ ਅੰਡਰ-19 ਸਾਲ ਗਰੁੱਪ ਵਿੱਚ ਤਿੰਨ ਗੋਲਡ ਮੈਡਲ ਜਿੱਤ ਕੇ ਅੰਡਰ-19 ਸਾਲ ਗਰੁੱਪ ਦੀ ਬੈਸਟ ਅਥਲੀਟ ਬਣਨ ਦਾ ਮਾਣ ਹਾਸਲ ਕੀਤਾ। ਇਸੇ ਹੀ ਤਰ੍ਹਾਂ ਗਗਨਪ੍ਰੀਤ ਕੌਰ ਨੇ ਦੋ ਗੋਲਡ ਤੇ ਇੱਕ ਸਿਲਵਰ ਦਾ ਮੈਡਲ ਜਿੱਤ ਕੇ ਅੰਡਰ 17 ਸਾਲ ਗਰੁੱਪ ਦੀ ਵੈਸਟ ਅਥਲੀਟ ਬਣਨ ਦਾ ਮਾਣ ਹਾਸਲ ਕੀਤਾ ਅਤੇ ਅੰਡਰ-14 ਸਾਲ ਗਰੁੱਪ ਵਿੱਚ ਏਕਮਦੀਪ ਕੌਰ ਨੇ ਤਿੰਨ ਗੋਲਡ ਮੈਡਲ ਜਿੱਤ ਕੇ ਬੈਸਟ ਐਥਲੀਟ ਬਣਨ ਦਾ ਮਾਣ ਹਾਸਲ ਕੀਤਾ। ਜ਼ਿਲ੍ਹਾ ਪੱਧਰ ਅਥਲੈਟਿਕਸ ਮੀਟ ਜੋ ਕਿ ਸਪੋਰਟਸ ਸਕੂਲ ਘੁੱਦਾ ਵਿਖੇ ਮਿਤੀ 26 ਸਤੰਬਰ ਤੋਂ 29 ਸਤੰਬਰ ਤੱਕ ਹੋਈ, ਇਸ ਐਥਲੈਟਿਕਸ ਮੀਟ ਵਿੱਚ ਵੀ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਦੇ ਅਥਲੀਟਾਂ ਨੇ 10 ਮੈਡਲ ਜਿੱਤ ਕੇ ਸਕੂਲ ਦਾ ਅਤੇ ਜੋਨ ਤਲਵੰਡੀ ਸਾਬੋ ਸਾਹਿਬ ਦਾ ਨਾਮ ਰੌਸ਼ਨ ਕੀਤਾ। ਜਿਲਾ ਪੱਧਰੀ ਅਥਲੈਟਿਕਸ ਮੀਟ ਵਿੱਚ ਇਸ ਸਕੂਲ ਦੇ ਐਥਲੀਟਾਂ ਨੇ ਤਿੰਨ ਗੋਲਡ, ਚਾਰ ਸਿਲਵਰ ਅਤੇ ਤਿੰਨ ਬਰਾਂਊਂਜ ਮੈਡਲ ਜਿੱਤੇ। ਅੱਜ ਪਹਿਲੀ ਅਕਤੂਬਰ ਨੂੰ ਐਥਲੈਟਿਕਸ ਮੀਟ ਦੇ ਖਤਮ ਹੋਣ ਉਪਰੰਤ ਸਕੂਲ ਵਿੱਚ ਪਹੁੰਚਣ 'ਤੇ ਸਾਰੇ ਅਥਲੀਟਾਂ ਦਾ ਸਕੂਲ ਸਟਾਫ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਹੀ ਸਕੂਲ ਦੇ ਪੀਟੀਆਈ ਅਧਿਆਪਕ ਸ. ਗੁਰਤੇਜ ਸਿੰਘ ਅਤੇ ਖੇਡਾਂ ਨਾਲ ਜੁੜੇ ਹੋਏ ਅਧਿਆਪਕ ਸ. ਗੁਰਮੇਲ ਸਿੰਘ ਅਤੇ ਵਿਸ਼ੇਸ਼ ਤੌਰ 'ਤੇ ਸ. ਕੇਸਰ ਸਿੰਘ ਡੀਪੀਈ ਸਾਹਿਬ ਦਾ ਸਕੂਲ ਸਟਾਫ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ਼ ਵੱਲੋਂ ਸ. ਗੁਰਜੀਤ ਸਿੰਘ, ਸ. ਰਾਜਵਿੰਦਰ ਸਿੰਘ, ਸ. ਮੋਹਨ ਸਿੰਘ, ਸ. ਦਲ ਸਿੰਘ, ਸ. ਹਰਜੀਵਨ ਸਿੰਘ, ਗੁਰਸੇਵਕ ਸਿੰਘ ਡੀਪੀਈ ਬਾਲਿਆਂਵਾਲੀ, ਸ੍ਰੀਮਤੀ ਕਮਲਦੀਪ ਕੌਰ, ਸ੍ਰੀਮਤੀ ਪਰਮਜੀਤ ਕੌਰ, ਸ੍ਰੀਮਤੀ ਦਲਪ੍ਰੀਤ ਕੌਰ, ਸ੍ਰੀਮਤੀ ਅਨਾਮਿਕਾ, ਤਰਨਵੀਰ ਕੌਰ, ਅਮਨਦੀਪ ਕੌਰ ਸ਼ਾਮਿਲ ਹੋਏ। ਇਸ ਦੇ ਨਾਲ ਹੀ ਸ. ਗੁਰਮੇਲ ਸਿੰਘ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਸਕੂਲ ਦੀ ਅੰਡਰ-17 ਸਾਲ ਲੜਕੀਆਂ ਦੀ ਖੋ-ਖੋ ਦੀ ਟੀਮ ਕੱਲ ਨੂੰ ਫਾਜ਼ਿਲਕਾ ਵਿਖੇ ਸਟੇਟ ਪੱਧਰੀ ਟੂਰਨਾਮੈਂਟ ਖੇਡਣ ਜਾ ਰਹੇ ਹੈ। ਉਮੀਦ ਹੈ ਕਿ ਉਹ ਸਟੇਟ ਪੱਧਰ ਟੂਰਨਾਮੈਂਟ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਆਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪ੍ਰਭਾਵਿਤ ਪਿੰਡਾਂ ਦਾ ਦੌਰਾ

# ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਗ੍ਰੰਥੀ ਸਿੰਘਾਂ ਦੀ ਵਿੱਤੀ ਮੱਦਦ ਲਈ ਪਹਿਲੀ ਕਿਸ਼ਤ ਜਾਰੀ



**ਫਾਜ਼ਿਲਕਾ/ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਅੱਜ ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਝੰਗੜ ਭੈਣੀ ਅਤੇ ਪਿੰਡ ਘੁਰਕਾ ਵਿਖੇ ਹੜ੍ਹ ਪੀੜਿਤ ਪਰਿਵਾਰਾਂ ਨੂੰ ਮਿਲੇ। ਇਸ ਮੌਕੇ ਪਾਰਟੀ ਵਲੋ ਕੀਤੇ ਐਲਾਨ ਤਹਿਤ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋ ਸੀਨੀਅਰ ਲੀਡਰਸ਼ਿਪ ਦੀ ਮੱਦਦ ਨਾਲ ਹੜ੍ਹ ਨਾਲ ਪ੍ਰਭਾਵਿਤ ਪਿੰਡਾਂ ਦੇ ਗ੍ਰੰਥੀ ਸਿੰਘਾਂ ਲਈ ਪਹਿਲੀ ਕਿਸ਼ਤ ਜਾਰੀ ਕੀਤੀ ਗਈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਕੀਤੇ ਐਲਾਨ ਦੇ ਤਹਿਤ, ਫਾਜ਼ਿਲਕਾ ਜ਼ਿਲ੍ਹੇ ਦੇ 13 ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਸੇਵਾ ਕਰ ਰਹੇ 25 ਗ੍ਰੰਥੀ ਸਿੰਘਾਂ ਨੂੰ ਮਹੀਨਾਵਾਰ 5,000 ਰੁਪਏ ਵਿੱਤੀ ਸਹਾਇਤਾ ਦੀ ਪਹਿਲੀ ਕਿਸ਼ਤ ਜਾਰੀ ਕਰ ਦਿੱਤੀ ਗਈ ਹੈ। ਇਸਦੇ ਨਾਲ ਹੀ ਪਿੰਡ ਵਾਸੀਆਂ ਵੱਲੋਂ ਰੱਖੀ ਮੰਗ ਨੂੰ ਪੂਰਾ ਕਰਦੇ ਹੋਏ, ਮੌਕੇ ਤੇ ਹੀ ਪਿੰਡ ਲਈ 5,000 ਲੀਟਰ ਡੀਜ਼ਲ ਵੀ ਪ੍ਰਦਾਨ ਕੀਤਾ ਗਿਆ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਪਿੰਡ ਵਾਸੀਆਂ ਦੇ ਦੁੱਖ-ਦਰਦ ਸਾਂਝੇ ਕਰਦੇ ਹੋਏ ਭਰੋਸਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੀੜਤ ਪਰਿਵਾਰਾਂ ਦੇ ਨਾਲ ਖੜ੍ਹਾ ਰਹੇਗਾ। ਗਿਆਨੀ ਹਰਪ੍ਰੀਤ ਸਿੰਘ ਨੇ ਹੜ੍ਹ ਪ੍ਰਭਾਵਿਤ ਲੋਕਾਂ ਤੋਂ ਵਿਸਥਾਰ ਨਾਲ ਜਾਣਕਾਰੀ ਲਈ ਗਈ ਕਿ, ਪਾਣੀ ਦੇ ਸੁੱਕਣ ਤੋਂ ਬਾਅਦ ਓਹਨਾ ਦੀ ਜ਼ਿੰਦਗੀ ਨੂੰ ਮੁੜ ਲੀਹ ਤੇ ਲਿਆਉਣ ( ਮੁੜ ਵਸੇਬੇ) ਲਈ ਕਿਸ ਚੀਜ ਵਸਤ ਦੀ ਜਿਆਦਾ ਲੋੜ ਹੈ ਤਾਂ ਜੋ ਪਾਰਟੀ ਉਸ ਤਰੀਕੇ ਨਾਲ ਆਉਣ ਵਾਲੇ ਦਿਨਾਂ ਵਿੱਚ ਮੱਦਦ ਪਹੁੰਚਾ ਸਕੇ।



ਇਸ ਮੌਕੇ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਪੀੜਤ ਇਲਾਕਾ ਵਾਸੀਆਂ ਨੂੰ ਪੂਰਨ ਭਰੋਸਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਓਹਨਾ ਨਾਲ ਖੜ੍ਹਾ ਰਹੇਗਾ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਪਾਰਟੀ ਵਰਕਰ ਅਤੇ ਆਗੂ ਸਾਹਿਬਾਨ ਸਮੇਤ ਪੰਜਾਬ ਦੇ ਨੌਜਵਾਨਾਂ ਨੂੰ ਵੀ ਖਾਸ ਅਪੀਲ ਕੀਤੀ ਕਿ ਜਿਸ ਤਰਾਂ ਹੜ੍ਹ ਦੇ ਦਿਨਾਂ ਵਿੱਚ ਪੀੜਤ ਪਰਿਵਾਰਾਂ ਦੀ ਮਦਦ ਕੀਤੀ ਗਈ ਸੀ, ਉਸੇ ਤਰੀਕੇ ਦਾ ਇੱਕ ਹੰਭਲਾ ਹੋਰ ਜਰੂਰ ਮਾਰਿਆ ਜਾਵੇ ਤਾਂ ਜੋ ਮੁੜ ਵਸੇਬੇ ਸਮੇਤ ਕਿਸਾਨਾਂ ਦੀ ਬਾਂਹ ਫੜੀ ਜਾ ਸਕੇ। ਕਿਸਾਨਾਂ ਦੇ ਖੇਤਾਂ ਵਿੱਚੋਂ ਮਿੱਟੀ ਨੂੰ ਬਾਹਰ ਕੱਢਿਆ ਜਾ ਸਕੇ ਤਾਂ ਜੋ ਕਿਸਾਨ ਸਹੀ ਸਮੇਂ ਤੇ ਕਣਕ ਦੀ ਬਿਜਾਈ ਕਰ ਸਕਣ। ਇਸ ਮੌਕੇ ਓਹਨਾ ਦੇ ਨਾਲ ਸਾਬਕਾ ਮੰਤਰੀ ਸਰਦਾਰ ਸੁਰਜੀਤ ਸਿੰਘ ਰੱਖੜਾ,ਸੁਖਵਿੰਦਰ ਸਿੰਘ ਸੁੱਖੀ ਰੱਖੜਾ,ਸੁਖਵੰਤ ਸਿੰਘ ਸੁੱਖੀ ਪੰਜਲੈਂਡ, ਗੁਰਲਾਲ ਸਿੰਘ, ਚਰਨ ਸਿੰਘ, ਹਰਮਨਦੀਪ ਸਿੰਘ ਚਿਮਨੇਵਾਲਾ, ਗੁਰਜਿੰਦਰ ਸਿੰਘ ਗਰੇਵਾਲ, ਗੁਰਵਿੰਦਰ ਸਿੰਘ ਬਿੱਟੂ,ਗੁਰਜੰਟ ਸਿੰਘ ਜੈਮਲਵਾਲਾ, ਨਿਰਮਲ ਸਿੰਘ ਜਲਾਲਾਬਾਦ, ਸ਼ੇਰ ਸਿੰਘ ਕੰਧਵਾਲਾ, ਬਚਿੱਤਰ ਸਿੰਘ ਸਮਸਾਬਾਦ, ਗੁਰਭੇਜ ਸਿੰਘ ਅਤੇ ਨਾਰਾਇਣ ਦਾਸ ਖਾਸ ਤੌਰ ਤੇ ਹਾਜ਼ਰ ਰਹੇ।

### ਗੁ. ਹਰਗੋਬਿੰਦਗੜ੍ਹ ਸਾਹਿਬ ਵਿਖੇ

# ਸਾਲਾਨਾ ਜੋੜ ਮੇਲਾ ਮਨਾਇਆ



**ਚੌਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸ਼ਹੀਦਾਂ ਤਰਨਾ ਦਲ ਦੇਬਾਨੀ ਸੱਚਖੰਡ ਵਾਸੀ ਜਥੇਦਾਰ ਬਾਬਾ ਗੁਰਦਿੱਤ ਸਿੰਘ ਦੀ ਬਰਸੀ ਮੌਕੇ ਅੱਜ ਗੁਰਦੁਆਰਾ ਹਰਗੋਬਿੰਦਗੜ੍ਹ ਸਾਹਿਬ ਵਿਖੇ ਸਾਲਾਨਾ ਜੋੜ ਮੇਲਾਮਨਾਇਆ ਗਿਆ, ਜਿਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਦਮਦਮੀ ਟਕਸਾਲ ਦੇ ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ ਨੇ ਕਥਾ ਵਿਚਾਰ ਕੀਤੀ ਤੇ ਨਿਸ਼ਕਾਮ ਕੀਰਤਨੀ ਜਥੇ ਨੇ ਸ਼ਬਦ ਕੀਰਤਨ ਦੀ ਸੇਵਾ ਨਿਭਾਈ ਗਈ। ਇਸ ਦੌਰਾਨ ਸਜੇ ਦੀਵਾਨ ਅੰਦਰ ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਗੁਰ-ਇਤਿਹਾਸ ਸਰਵਨ ਕਰਵਾਇਆ। ਇਸ ਮੌਕੇ ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਸਰਪੰਚ ਕਸ਼ਮੀਰ ਸਿੰਘ ਮਹਿਤਾ, ਹਰਜਿੰਦਰ ਸਿੰਘ ਜੱਜ, ਮਾ. ਜੋਗਿੰਦਰ ਸਿੰਘ, ਬਾਬਾ ਜੁਝਾਰ ਸਿੰਘ, ਭਾਈ ਸਤਨਾਮ ਸਿੰਘ, ਬਾਬਾ ਸੰਤਾ ਸਿੰਘ ਮਹਿਤਾ, ਗ੍ਰੰਥੀ ਜਸਵੰਤ ਸਿੰਘ ਮਹਿਤਾ, ਬਾਬਾ ਅਜੀਤ ਸਿੰਘ ਖੱਬੇ, ਭਾਈ ਨਿਰਮਲ ਸਿੰਘ, ਭਾਈ ਨਰਿੰਦਰ ਸਿੰਘ, ਫੌਜੀ ਇਕਬਾਲ ਸਿੰਘ, ਮਾ. ਸੁਖਵਿੰਦਰ ਸਿੰਘ, ਭਾਈ ਹਰਗੋਪਾਲ ਸਿੰਘ, ਫਰਿਆਦ ਸਿੰਘ, ਜਸਬੀਰ ਸਿੰਘ, ਗਿ. ਮੋਹਨ ਸਿੰਘ ਤੇ ਸੁਖਦੇਵ ਸਿੰਘ ਦਬੁਰਜੀ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕੇ ਦੀ ਸੰਗਤ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੇਪਰਾਂ ਤੇ ਖੇਡਾਂ ਦੇ ਦਿਨਾਂ 'ਚ ਬੀਐੱਲਓ ਲੱਗੇ ਅਧਿਆਪਕਾਂ ਦੀਆਂ ਐੱਸਆਈਆਰ ਸਰਵੇ ਡਿਊਟੀਆਂ ਖਿਲਾਫ ਡੀਟੀਐਫ ਵੱਲੋਂ ਐੱਸਡੀਐੱਮ ਨੂੰ ਦਿੱਤਾ ਮੰਗ ਪੱਤਰ





**ਤਲਵੰਡੀ ਸਾਬੋ, 2 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਐੱਸਆਈਆਰ ਸਰਵੇ ਸਬੰਧੀ ਬੀਐੱਲਓਜ਼ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਡੈਮੋਕਰੇਟਿਕ ਟੀਚਰਜ਼ ਫਰੰਟ ਬਲਾਕ ਤਲਵੰਡੀ ਸਾਬੋ ਦਾ ਵਫਦ ਬਲਾਕ ਜਨਰਲ ਸਕੱਤਰ ਮੈਡਮ ਰਣਦੀਪ ਕੌਰ ਖਾਲਸਾ ਦੀ ਅਗਵਾਈ ਵਿੱਚ ਐੱਸਡੀਐੱਮ ਤਲਵੰਡੀ ਸਾਬੋ ਨੂੰ ਮਿਲਿਆ ਅਤੇ ਮੰਗ ਪੱਤਰ ਸੌਂਪਿਆ ਗਿਆ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਿੱਖਿਆ ਕ੍ਰਾਂਤੀ ਦੇ ਦਮਗਜ਼ੇ ਮਾਰਨ ਵਾਲੀ ਪੰਜਾਬ ਸਰਕਾਰ ਪੇਪਰਾਂ ਤੇ ਖੇਡਾਂ ਦੇ ਦਿਨਾਂ ਦੌਰਾਨ ਅਧਿਆਪਕਾਂ ਤੋਂ ਵੋਟਾਂ ਦੀ ਸੁਧਾਈ ਤਹਿਤ ਐੱਸਆਈਆਰ ਸਰਵੇ ਕਰਵਾਇਆ ਜਾ ਰਿਹਾ ਹੈ, ਜਿਸ ਕਾਰਨ ਜਿੱਥੇ ਅਧਿਆਪਕ ਵੱਡੀ ਮਾਨਸਿਕ ਪਰੇਸ਼ਾਨੀ ਝੱਲ ਰਹੇ ਹਨ, ਉੱਥੇ ਪੇਪਰਾਂ ਤੇ ਖੇਡਾਂ ਦੇ ਦਿਨਾਂ ਦੌਰਾਨ ਬੱਚਿਆਂ ਦਾ ਭਾਰੀ ਨੁਕਸਾਨ ਵੀ ਹੋ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਪੰਜਾਬ ਦੇ ਵਿੱਚ ਨੌਜਵਾਨ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਹਨ। ਇਸ ਲਈ ਵੋਟਾਂ ਦੀ ਸੁਧਾਈ ਦਾ ਕੰਮ ਸਾਰਾ ਸਾਲ ਚੱਲਣ ਕਰਕੇ ਅਲੱਗ ਤੌਰ ਤੇ ਬੇਰੁਜ਼ਗਾਰਾਂ ਦੀ ਭਰਤੀ ਕਰਕੇ ਉਹਨਾਂ ਤੋਂ ਵੋਟਾਂ ਦਾ ਕੰਮ ਕਰਵਾਇਆ ਜਾਣਾ ਚਾਹੀਦਾ ਹੈ, ਜਿਸ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਵੀ ਮਿਲੇਗਾ। ਬੀਐੱਲਓਜ਼ ਦੀਆਂ ਸਮੱਸਿਆਂਵਾਂ ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸੁਧਾਈ ਦੇ ਕੰਮ ਲਈ ਢੁਕਵਾਂ ਸਮਾਂ ਦੇਣ ਅਤੇ ਪਹਿਲਾਂ ਕੱਢੇ ਗਏ ਕਾਰਨ ਦੱਸੋ ਨੋਟਿਸ ਰੱਦ ਕਰਨ ਤੋਂ ਇਲਾਵਾ ਦਿੱਤੀ ਗਈ ਸਮਾਂ ਸੀਮਾ ਪੂਰੀ ਹੋਣ ਤੋਂ ਪਹਿਲਾਂ ਕਿਸੇ ਵੀ ਬੀਐੱਲਓ ਨੂੰ ਨੋਟਿਸ ਜਾਰੀ ਨਾ ਕਰਨ ਦੀ ਮੰਗ ਜ਼ੋਰਦਾਰ ਢੰਗ ਨਾਲ ਉਠਾਈ ਗਈ। ਐੱਸ ਡੀ ਐਮ ਵੱਲੋਂ ਸਾਰੀਆਂ ਮੰਗਾਂ ਨਾਲ਼ ਸਹਿਮਤ ਹੁੰਦਿਆਂ 4 ਅਕਤੂਬਰ ਤੱਕ ਦੀ ਫਾਰਗੀ ਦਾ ਪੱਤਰ ਮੌਕੇ 'ਤੇ ਜਾਰੀ ਕੀਤਾ ਗਿਆ। ਅੱਜ ਦੇ ਡੈਪੂਟੇਸ਼ਨ ਵਿੱਚ ਜਸਵਿੰਦਰ ਸਿੰਘ ਸੰਦੋਹਾ, ਪਰਮਜੀਤ ਸਿੰਘ ਸੰਗਤ, ਭੋਲਾ ਰਾਮ, ਗੁਰਬਾਜ ਸਿੰਘ, ਦਰਸ਼ਨ ਸਿੰਘ, ਰੂਪ ਸਿੰਘ, ਹਰਮੇਸ਼ ਕੁਮਾਰ, ਨਿਰਭੈ ਸਿੰਘ, ਅਵਤਾਰ ਸਿੰਘ, ਪ੍ਰਕਾਸ਼ ਸਿੰਘ, ਰਵਿੰਦਰ ਕੁਮਾਰ, ਰਿੰਕੂ ਗਰਗ, ਜਸਕਰਨ ਸਿੰਘ, ਅਸ਼ੀਸ਼ ਕੁਮਾਰ, ਮਨਦੀਪ ਸਿੰਘ, ਬਲਰਾਮ ਕੁਮਾਰ, ਕੌਰ ਸਿੰਘ ਆਦਿ ਅਧਿਆਪਕ ਆਗੂ ਹਾਜਰ ਸਨ।

# ਪਟਨਾ ਸਾਹਿਬ ਰੇਲਵੇ ਸਟੇਸ਼ਨ 'ਤੇ ਤਖ਼ਤ ਸਾਹਿਬ ਦੇ ਦਰਸ਼ਨਾਂ ਲਈ ਗੁਰਮੁਖੀ ਐਕਸਪ੍ਰੈੱਸ ਦੇ ਠਹਿਰਾਓ ਨੂੰ ਮਿਲੀ ਮਨਜ਼ੂਰੀ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਗੁਰਮੁਖੀ ਐਕਸਪ੍ਰੈੱਸ ਦਾ ਪਟਨਾ ਸਾਹਿਬ ਰੇਲਵੇ ਸਟੇਸ਼ਨ 'ਤੇ ਠਹਿਰਾਓ ਦਿੱਤਾ ਜਾਵੇ, ਤਾਂ ਜੋ ਪੰਜਾਬ ਤੋਂ ਤਖ਼ਤ ਪਟਨਾ ਸਾਹਿਬ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਸੁਵਿਧਾ ਮਿਲ ਸਕੇ। ਰੇਲ ਮੰਤਰਾਲੇ ਵੱਲੋਂ ਹੁਣ ਇਸ ਮੰਗ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਰੇਲਵੇ ਦੇ ਉੱਚ ਅਧਿਕਾਰੀਆਂ ਨਾਲ ਦਿੱਲੀ ਰੇਲ ਭਵਨ ਵਿੱਚ ਮੀਟਿੰਗ ਦੌਰਾਨ ਇਸ ਮਾਮਲੇ 'ਤੇ ਚਰਚਾ ਹੋਈ ਸੀ। ਇਸ ਮੀਟਿੰਗ ਵਿੱਚ ਉਪ ਪ੍ਰਧਾਨ ਗੁਰਵਿੰਦਰ ਸਿੰਘ ਵੀ ਸ਼ਾਮਲ ਸਨ। ਸ੍ਰੀ ਸੋਹੀ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਰੇਲ ਮੰਤਰੀ ਅਤੇ ਅਧਿਕਾਰੀਆਂ ਨੂੰ ਪੰਜਾਬ ਤੋਂ ਗੁਰਮੁਖੀ ਐਕਸਪ੍ਰੈੱਸ ਰਾਹੀਂ ਆਉਣ ਵਾਲੀ ਸੰਗਤ ਨੂੰ ਹੋਣ ਵਾਲੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ ਗਿਆ ਸੀ। ਇਸ ਦੇ ਨਤੀਜੇ ਵਜੋਂ, ਉਨ੍ਹਾਂ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਸੀ ਅਤੇ ਹੁਣ 2 ਅਕਤੂਬਰ 2025 ਤੋਂ ਗੁਰਮੁਖੀ ਐਕਸਪ੍ਰੈੱਸ ਦਾ ਪਟਨਾ ਸਾਹਿਬ ਸਟੇਸ਼ਨ 'ਤੇ ਠਹਿਰਾਓ ਕਰ ਦਿੱਤਾ ਗਿਆ ਹੈ। ਸ੍ਰੀ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਇਸ ਕਾਰਜ ਲਈ ਤਖ਼ਤ ਪਟਨਾ ਸਾਹਿਬ ਦੀ ਸਮੂਹੀ ਪ੍ਰਬੰਧਕ ਕਮੇਟੀ ਅਤੇ ਸੰਗਤ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕਰਦੀ ਹੈ ਅਤੇ ਉਮੀਦ ਕਰਦੀ ਹੈ ਕਿ ਬਾਕੀ ਦੀਆਂ ਸਮੱਸਿਆਵਾਂ ਦਾ ਹੱਲ ਵੀ ਜਲਦੀ ਹੀ ਹੋਵੇਗਾ, ਤਾਂ ਜੋ ਹੋਰ ਰਾਜਾਂ ਤੋਂ ਆਉਣ ਵਾਲੀ ਸੰਗਤ ਨੂੰ ਵੀ ਕੋਈ ਪਰੇਸ਼ਾਨੀ ਨਾ ਝੱਲਣੀ ਪਵੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
Awaze Qaum
(ਯੂ. ਕੇ. ਤੋਂ ਪ੍ਰਕਾਸ਼ਿਤ)
International Daily Newspaper & WEB TV
www.awazeqaumtv.com
Also On
Visit on facebook
https://www.facebook.com/awazeqaumtv/videos/194899582124531/
YouTube https://youtu.be/LQwolgxDu7I
awazeqaumtvpunjab@gmail.com
ਵੀਰਵਾਰ, 2 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਫਿਲੀਪੀਨਜ਼ ਵਿੱਚ ਭੂਚਾਲ ਨੇ ਮਚਾਇਆ ਕਹਿਰ
# ਸੈਂਕੜੇ ਮੌਤਾਂ; ਕਈ ਇਮਾਰਤਾਂ ਢਹਿ-ਢੇਰੀ

**ਮਨੀਲਾ (ਫਿਲੀਪੀਨਜ਼), 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦੱਖਣੀ ਏਸ਼ੀਆਈ ਦੇਸ਼ ਫਿਲੀਪੀਨਜ਼ ਵਿੱਚ ਬੀਤੀ ਰਾਤ ਇੱਕ ਜ਼ੋਰਦਾਰ ਭੂਚਾਲ ਆਇਆ। ਭੂਚਾਲ ਇੰਨਾ ਭਿਆਨਕ ਸੀ ਕਿ 60 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਜ਼ਖਮੀ ਹੋ ਗਏ। ਭੂਚਾਲ ਦੀ ਤੀਬਰਤਾ 6.9 ਹੋਣ ਦਾ ਅੰਦਾਜ਼ਾ ਲਗਾਇਆ ਗਿਆ ਸੀ। ਫਿਲੀਪੀਨ ਸਰਕਾਰ ਦੇ ਅਨੁਸਾਰ, ਇਹ ਇਸ ਸਾਲ ਦੀ ਸਭ ਤੋਂ ਵੱਡੀ ਆਫ਼ਤ ਹੈ, ਜਿਸ ਵਿੱਚ ਇੰਨੀਆਂ ਜਾਨਾਂ ਗਈਆਂ। ਮੰਗਲਵਾਰ ਰਾਤ 10 ਵਜੇ ਦੇ ਕਰੀਬ ਸੇਬੂ ਸਿਟੀ ਦੇ ਤੱਟ 'ਤੇ ਇੱਕ ਜ਼ੋਰਦਾਰ ਭੂਚਾਲ ਆਇਆ, ਜਿਸ ਕਾਰਨ ਕਈ ਇਮਾਰਤਾਂ ਢਹਿ ਗਈਆਂ। ਸੈਨ ਰੇਮਿਗਿਓ ਸਿਟੀ ਦੇ ਮੇਅਰ ਐਲਫੀ ਰੇਨਜ਼ ਨੇ ਭੂਚਾਲ ਕਾਰਨ ਹੋਈ ਤਬਾਹੀ ਦੀ ਪੁਸ਼ਟੀ ਕੀਤੀ। ਮੀਡੀਆ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 60 ਲੋਕਾਂ ਦੀ ਮੌਤ ਹੋ ਗਈ ਹੈ, ਜਿਨ੍ਹਾਂ ਵਿੱਚੋਂ 21 ਸਿਰਫ਼ ਸੇਬੂ ਸੂਬੇ ਵਿੱਚ ਦਰਜ ਕੀਤੇ ਗਏ ਹਨ। ਨਿਊਯਾਰਕ ਟਾਈਮਜ਼ ਦੇ ਅਨੁਸਾਰ, ਭੂਚਾਲ ਕਾਰਨ ਫਿਲੀਪੀਨਜ਼ ਵਿੱਚ ਇੱਕ ਇਮਾਰਤ ਢਹਿ ਜਾਣ ਨਾਲ ਲਗਭਗ 37 ਲੋਕ ਜ਼ਖਮੀ ਹੋ ਗਏ। ਹਾਲਾਂਕਿ, ਫਿਲੀਪੀਨਜ਼ ਵਿੱਚ ਕੋਈ ਸੁਨਾਮੀ ਚੇਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਫਿਲੀਪੀਨਜ਼ ਭੂਚਾਲ ਵਿਗਿਆਨ ਏਜੰਸੀ ਨੇ ਕਿਹਾ ਕਿ ਭੂਚਾਲ ਕਾਰਨ



ਕਰੰਟ ਅਤੇ ਸਮੁੰਦਰ ਦੇ ਪੱਧਰ ਵਿੱਚ ਬਦਲਾਅ ਆ ਸਕਦਾ ਹੈ। ਲੋਕਾਂ ਨੂੰ ਬੀਚਾਂ ਤੋਂ ਦੂਰ ਰਹਿਣ ਦੀ ਚੇਤਾਵਨੀ ਦਿੱਤੀ ਗਈ ਸੀ, ਪਰ ਇਹ ਚੇਤਾਵਨੀ ਤਿੰਨ ਘੰਟੇ ਬਾਅਦ ਰੱਦ ਕਰ ਦਿੱਤੀ ਗਈ। ਫਿਲੀਪੀਨਜ਼ ਪ੍ਰਸ਼ਾਂਤ ਰਿੰਗ ਆਫ਼ ਫਾਇਰ ਦੇ ਨੇੜੇ ਸਥਿਤ ਹੈ। ਟੈਕਟੋਨਿਕ ਗਤੀਵਿਧੀ ਕਾਰਨ ਇੱਥੇ ਭੂਚਾਲ ਅਤੇ ਜਵਾਲਾਮੁਖੀ ਫਟਣਾ ਆਮ ਗੱਲ ਹੈ। ਫਿਲੀਪੀਨਜ਼ ਨੇ ਪਹਿਲਾਂ ਦੋ ਵੱਡੇ ਭੂਚਾਲਾਂ ਦਾ ਅਨੁਭਵ ਕੀਤਾ ਹੈ, ਜਿਸਦੇ ਨਤੀਜੇ ਵਜੋਂ ਕਈ ਮੌਤਾਂ ਹੋਈਆਂ ਹਨ।




## ਕਿੱਥੇ ਗਿਆ ਯੁੱਧ ਨਸ਼ਿਆਂ ਵਿਰੁੱਧ....? ਫਿਰੋਜ਼ਪੁਰ 'ਚ ਇੱਕੋ ਰਾਤ ਨਸ਼ੇ ਦੀ ਓਵਰਡੋਜ਼ ਕਾਰਨ ਤਿੰਨ ਨੌਜਵਾਨਾਂ ਦੀ ਮੌਤ

**ਫਿਰੋਜ਼ਪੁਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਵਿੱਚ ਤਿੰਨ ਨੌਜਵਾਨਾਂ ਦੀ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋ ਗਈ, ਜਦੋਂ ਕਿ ਤਿੰਨ ਦਿਨ ਪਹਿਲਾਂ ਇੱਕ ਹੋਰ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋ ਗਈ ਸੀ ਇਨ੍ਹਾਂ ਦੀ ਪਛਾਣ ਰਣਜੀਤ ਸਿੰਘ (ਪੁੱਤਰ ਦੇਸਾ ਸਿੰਘ, ਉਮਰ 30 ਸਾਲ), ਮਹਿਲ ਸਿੰਘ (ਪੁੱਤਰ ਮੁਖਤਿਆਰ ਸਿੰਘ, ਉਮਰ 30 ਸਾਲ) ਅਤੇ ਰਾਜਨ ਸਿੰਘ (ਪੁੱਤਰ ਬਚਿੱਤਰ ਸਿੰਘ) ਵਜੋਂ ਹੋਈ ਹੈ – ਤਿੰਨੇ ਹੀ ਲੱਖੋ ਕੇ ਬਹਿਰਾਮ ਪਿੰਡ ਦੇ ਰਹਿਣ ਵਾਲੇ ਸਨ। ਇਸ ਤੋਂ ਬਾਅਦ ਹੁਣ ਲੋਕਾਂ ਵੱਲੋਂ ਪ੍ਰਸ਼ਾਸਨ ਖ਼ਿਲਾਫ਼ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਮ੍ਰਿਤਕ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਨੇ ਅੱਜ ਪਿੰਡ ਦੀ ਸੜਕ 'ਤੇ ਧਰਨਾ ਦਿੱਤਾ ਤੇ ਨਾਅਰੇਬਾਜ਼ੀ ਕੀਤੀ। ਪਰਿਵਾਰ ਪ੍ਰਸ਼ਾਸਨ ਤੋਂ ਵਿੱਤੀ ਮਦਦ ਦੀ ਵੀ ਗੁਹਾਰ ਲਗਾ ਰਿਹਾ ਹੈ। ਲੋਕਾਂ ਦਾ ਦੋਸ਼ ਹੈ ਕਿ ਪਿੰਡ ਵਿੱਚ 7 ? ?ਮੈਡੀਕਲ ਸਟੋਰ ਹਨ ਜੋ ਖੁੱਲ੍ਹੇਆਮ ਨਸ਼ੇ ਵੇਚਦੇ ਹਨ। ਪਿੰਡ ਦੇ ਨੌਜਵਾਨ ਅਤੇ ਕੁਝ ਬਾਹਰੀ ਲੋਕ ਇਨ੍ਹਾਂ ਮੈਡੀਕਲ ਸਟੋਰਾਂ 'ਤੇ ਨਸ਼ੇ ਖਰੀਦਣ ਆਉਂਦੇ ਹਨ। ਬੀਤੀ ਰਾਤ ਵੀ ਪਿੰਡ ਦੇ ਤਿੰਨ ਨੌਜਵਾਨਾਂ ਨੇ ਮੈਡੀਕਲ ਸਟੋਰ ਤੋਂ ਨਸ਼ੇ ਖਰੀਦੇ ਸਨ ਜਿਸ ਤੋਂ ਬਾਅਦ ਉਹ ਘਰ ਜਾ ਕੇ ਸੌਂ ਗਏ ਪਰ ਉਹ ਹਮੇਸ਼ਾ ਲਈ ਡੂੰਘੀ ਨੀਂਦ ਵਿੱਚ ਸੌਂ ਗਏ। ਰਿਪੋਰਟਾਂ ਅਨੁਸਾਰ ਮ੍ਰਿਤਕ, ਰਮਨਦੀਪ ਸਿੰਘ, ਉਰਫ਼ ਰਾਜਨ, 20 ਸਾਲ ਦਾ ਹੈ। ਉਸਨੇ ਨੌਂ ਸਾਲ ਪਹਿਲਾਂ ਨਸ਼ੇ ਦੀ ਵਰਤੋਂ ਸ਼ੁਰੂ ਕਰ ਦਿੱਤੀ ਸੀ। ਉਸਦੇ ਪਰਿਵਾਰ ਨੇ ਉਸਨੂੰ ਪੰਜ ਵਾਰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਹੈ।

## ਸ੍ਰੀ ਹਰਮੰਦਿਰ ਸਾਹਿਬ ਵਿਖੇ ਨਤਮਸਤਕ ਹੋਏ ਯੋਗ ਗੁਰੂ ਰਾਮਦੇਵ, ਹੜ੍ਹ ਪ੍ਰਭਾਵਤਾਂ ਦੀ ਮਦਦ ਲਈ ਦਿੱਤਾ 1 ਕਰੋੜ ਰੁਪਏ ਦਾ ਚੈਕ

**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਯੋਗ ਗੁਰੂ ਰਾਮਦੇਵ ਨੇ ਅੱਜ ਸ੍ਰੀ ਹਰਮੰਦਿਰ ਸਾਹਿਬ ਅੰਮ੍ਰਿਤਸਰ ਵਿਖੇ ਪਹੁੰਚੇ। ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਉਨ੍ਹਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਸਿਰੋਪਾ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸਜੀਪੀਸੀ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਰਾਮਦੇਵ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਕੀਤੇ ਜਾ ਰਹੇ ਕੰਮ ਸ਼ਲਾਘਾ ਯੋਗ ਹਨ, ਜਿਸ ਲਈ ਉਹ ਵੀ ਯੋਗਦਾਨ ਪਾਉਣਗੇ। ਉਨ੍ਹਾਂ ਨੇ ਇਸ ਮੌਕੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਰਾਹਤ ਫੰਡ ਲਈ ਐਡਵੋਕੇਟ ਧਾਮੀ



ਨੂੰ ਮੌਕੇ 'ਤੇ ਇੱਕ ਕਰੋੜ ਰੁਪਏ ਦਾ ਚੈੱਕ ਭੇਂਟ ਕੀਤਾ ਅਤੇ ਪੰਜਾਬੀਆਂ ਨੂੰ ਬਹਾਦਰ ਯੋਧੇ ਦੱਸਦਿਆਂ ਆਸ ਪ੍ਰਗਟਾਈ ਕਿ ਪੰਜਾਬ ਜਲਦੀ ਹੀ ਇਸ ਸੰਕਟ ਚੋਂ ਨਿਕਲੇਗਾ ਅਤੇ ਮੁੜ ਆਪਣੇ ਪੈਰੀ ਖੜਾ ਹੋਵੇਗਾ। ਇਸ ਦੇ ਨਾਲ ਹੀ ਗੁਰੂ ਨਾਨਕ ਸਾਹਿਬ ਦੇ ਫਲਸਫੇ 'ਨਾਮ ਜਪੋ, ਕਿਰਤ ਕਰੋ, ਵੰਡ ਛਕੋ' 'ਤੇ ਚਲਦਿਆਂ ਸਮੂਹ ਦੇਸ਼ ਵਾਸੀਆਂ ਨੂੰ ਸ੍ਰੀ ਦਰਬਾਰ ਸਾਹਿਬ ਤੇ ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਰਾਹਤ ਕਾਰਜਾਂ ਚ ਸਹਿਯੋਗ ਪਾਉਣ ਦੀ ਅਪੀਲ ਕੀਤੀ। ਐਡਵੋਕੇਟ ਧਾਮੀ ਵੱਲੋਂ ਯੋਗ ਗੁਰੂ ਰਾਮਦੇਵ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸਮਾਗਮਾਂ ਨੂੰ ਸਮਰਪਿਤ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਸਮਾਗਮਾਂ ਚ ਦਿੱਤੇ ਸੱਦੇ ਨੂੰ ਕਬੂਲਦਿਆਂ ਯੋਗ ਗੁਰੂ ਰਾਮਦੇਵ ਨੇ ਐਡਵੋਕੇਟ ਧਾਮੀ ਵੱਲੋਂ ਲਾਈ ਹਰ ਸੇਵਾ ਕਬੂਲਣ ਦਾ ਦਿੱਤਾ ਭਰੋਸਾ।

## ਪੰਜਾਬ ਸਰਕਾਰ ਦੀਆਂ ਆਪਣੀਆਂ ਹੀ ਚਿੱਠੀਆਂ ਨੇ ਖੋਲ੍ਹੇ ਸਾਰੇ ਭੇਤ; ਹੜ੍ਹਾਂ ਤੋਂ ਬਚਾਅ ਦੇ ਕੰਮਾਂ ਦੀ ਜ਼ਰੂਰਤ ਦੀ ਸਮੀਖਿਆ ਸ਼ੁਰੂ ਕਰਨ ਦੇ ਦਿੱਤੇ ਸਨ ਨਿਰਦੇਸ਼





**ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਇੱਕ ਵਾਰ ਫਿਰ ਤੋਂ ਸਵਾਲਾਂ ਦੇ ਘੇਰੇ 'ਚ ਆ ਗਈ ਹੈ। ਦਰਅਸਲ ਹੜ੍ਹਾਂ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਜਾਰੀ ਚਿੱਠੀਆਂ ਨੇ ਸਰਕਾਰ ਦੇ ਹੀ ਭੇਤ ਖੋਲ੍ਹ ਕੇ ਰੱਖ ਦਿੱਤੇ ਹਨ। ਦਰਅਸਲ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਤੋਂ ਬਚਾਅ ਦੇ ਕੰਮਾਂ ਦੀ ਜ਼ਰੂਰਤ ਦੀ ਸਮੀਖਿਆ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਨ੍ਹਾਂ ਚਿੱਠੀਆਂ ਨੂੰ ਜਾਰੀ ਕਰਕੇ ਵਿਜੀਲੈਂਸ ਵਿਭਾਗ ਵੱਲੋਂ ਜਾਰੀ ਟੈਂਡਰਾਂ 'ਤੇ ਸਵਾਲ ਚੁੱਕੇ ਗਏ ਹਨ। ਦੱਸ ਦਈਏ ਕਿ 26 ਅਗਸਤ ਤੱਕ ਪ੍ਰਿੰਸੀਪਲ ਸੈਕਟਰੀ ਕ੍ਰਿਸ਼ਨ ਕੁਮਾਰ ਮਹਿਕਮੇ ਨੂੰ ਚਿੱਠੀਆਂ ਭੇਜ ਰਹੇ ਸੀ। ਇਨ੍ਹਾਂ ਚਿੱਠਿਆ ਦੇ ਰਾਹੀਂ ਗੱਟਿਆਂ ਦਾ ਇੰਤਜ਼ਾਮ ਕਰਨ ਲਈ ਹਿਦਾਇਤ ਦਿੱਤੀ ਜਾ ਰਹੀ ਸੀ। ਦਸਤਾਵੇਜ਼ ਅਨੁਸਾਰ ਕਈ ਜ਼ਿਲ੍ਹਿਆਂ ਦੇ ਕਾਰਜਕਾਰੀ ਇੰਜੀਨੀਅਰਾਂ ਨੇ ਖੁਦ ਮੰਨਿਆ ਹੈ ਕਿ ਸ੍ਰੀ ਅਨੰਦਪੁਰ ਸਾਹਿਬ, ਰੋਪੜ, ਐਸ.ਏ.ਐਸ ਨਗਰ, ਪਟਿਆਲਾ, ਪਠਾਨਕੋਟ ਅਤੇ ਫਿਰੋਜ਼ਪੁਰ ਸਮੇਤ ਨਾਜ਼ੁਕ ਇਲਾਕਿਆਂ ਵਿੱਚ ਹੜ੍ਹਾਂ ਨੂੰ ਘਟਾਉਣ ਜਾਂ ਡਰੇਨੇਜ ਦੀ ਮੁਰੰਮਤ ਦਾ ਕੋਈ ਕੰਮ ਸ਼ੁਰੂ ਨਹੀਂ ਹੋਇਆ ਹੈ। ਪ੍ਰਸ਼ਾਸਨ ਦੀ ਤਿਆਰੀ ਨਾ ਹੋਣ ਦੇ ਸਬੂਤ ਵਜੋਂ ਜੁਲਾਈ ਦੇ ਅਖੀਰ ਵਿੱਚ ਜਲ ਸਰੋਤ ਵਿਭਾਗ ਵੱਲੋਂ ਭੇਜੇ ਗਏ ਪੱਤਰਾਂ ਵੱਲ ਵੀ ਇਸ਼ਾਰਾ ਕੀਤਾ। ਵਿਭਾਗ ਦੇ ਪ੍ਰਮੁੱਖ ਸਕੱਤਰ ਨੇ 28 ਜੁਲਾਈ ਨੂੰ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਲਿਖ ਕੇ ਹੜ੍ਹਾਂ ਤੋਂ ਬਚਾਅ ਲਈ ਈਸੀ ਬੈਗ ਅਤੇ ਜੀਓ ਬੈਗ ਖਰੀਦਣ ਦੇ ਨਿਰਦੇਸ਼ ਦਿੱਤੇ ਸਨ, ਜਦਕਿ 27 ਜੁਲਾਈ ਨੂੰ ਇਕ ਵੱਖਰੀ ਚਿੱਠੀ ਵਿਚ ਚੀਫ ਇੰਜੀਨੀਅਰ ਨੂੰ ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਲਈ ਈਸੀ ਬੈਗਾਂ ਦਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। "ਜੇ ਦਾਅਵੇ ਅਨੁਸਾਰ ਸਭ ਕੁਝ 14 ਜੁਲਾਈ ਤੱਕ ਪੂਰਾ ਹੋ ਗਿਆ ਸੀ, ਤਾਂ ਇਹ ਜ਼ਰੂਰੀ ਹਦਾਇਤਾਂ ਦੋ ਹਫ਼ਤਿਆਂ ਬਾਅਦ ਕਿਉਂ ਆਈਆਂ?

## ਮਾਨ ਸਰਕਾਰ ਦੇ 'ਸਿਹਤ ਮੰਤਰੀ' ਨੂੰ ਜਿਸਮਾਨੀ ਸ਼ੋਸ਼ਣ ਦਾ ਨੋਟਿਸ! 'ਆਪ' ਆਗੂ ਸ਼ਵੇਤਾ ਜ਼ਿੰਦਲ ਨੇ ਹੀ ਲਾਏ ਇਲਜ਼ਾਮ

**ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੀ ਪੰਜਾਬ ਸਰਕਾਰ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਖਿਲਾਫ਼ 'ਸੈਕਸੂਅਲ ਹਰਾਸਮੈਂਟ' ਦਾ ਕੇਸ ਦਾਇਰ ਕੀਤਾ ਗਿਆ ਹੈ। ਇਸ ਮਾਮਲੇ ਵਿੱਚ ਪਟਿਆਲਾ ਜ਼ਿਲ੍ਹਾ ਅਦਾਲਤ ਨੇ ਸਿਹਤ ਮੰਤਰੀ ਸਮੇਤ ਹੋਰਨਾਂ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਨੋਟਿਸ ਜਾਰੀ ਕੀਤਾ ਹੈ। ਮਾਮਲੇ ਦੀ ਖ਼ਾਸ ਗੱਲ ਇਹ ਹੈ ਕਿ ਇਹ ਕੇਸ ਪਟਿਆਲਾ ਆਮ ਆਦਮੀ ਪਾਰਟੀ ਦੀ ਸਾਬਕਾ ਮਹਿਲਾ ਜ਼ਿਲ੍ਹਾ ਪ੍ਰਧਾਨ ਸ਼ਵੇਤਾ ਜ਼ਿੰਦਲ ਨੇ ਦਾਇਰ ਕੀਤਾ ਹੈ। ਮਾਮਲੇ ਦੀ ਅਗਲੀ ਸੁਣਵਾਈ 23 ਅਕਤੂਬਰ, 2025 ਨੂੰ ਤੈਅ ਕੀਤੀ ਗਈ ਹੈ। ਪਟਿਆਲਾ ਅਦਾਲਤ ਨੇ ਸ਼ਵੇਤਾ ਜਿੰਦਲ ਬਨਾਮ ਡਾ. ਬਲਬੀਰ ਸਿੰਘ ਅਤੇ ਹੋਰਾਂ ਦੇ ਮਾਮਲੇ ਦੀ ਸੁਣਵਾਈ ਦੌਰਾਨ



ਇਹ ਮਹੱਤਵਪੂਰਨ ਹੁਕਮ ਪਾਸ ਕੀਤਾ ਹੈ। ਅਦਾਲਤ ਨੇ ਨਿਰਦੇਸ਼ ਦਿੱਤਾ ਹੈ ਕਿ ਸੰਮਨਾਂ ਦੀ ਬਜਾਏ ਮੁਲਜ਼ਮਾਂ ਨੂੰ ਨੋਟਿਸ ਜਾਰੀ ਕੀਤੇ ਜਾਣ। ਇਹ ਹੁਕਮ ਭਾਰਤੀ ਦੰਡ ਸੰਹਿਤਾ 2023 ਦੀ ਧਾਰਾ 223(1) ਦੇ ਤਹਿਤ ਜਾਰੀ ਕੀਤਾ ਗਿਆ ਸੀ। ਸ਼ਿਕਾਇਤਕਰਤਾ ਦੀ ਨੁਮਾਇੰਦਗੀ ਕਰ ਰਹੀ ਵਕੀਲ ਸ਼੍ਰੀਮਤੀ ਨਵਦੀਪ ਕੌਰ ਵਰਮਾ ਨੇ ਕਈ ਧਾਰਾਵਾਂ ਦੇ ਤਹਿਤ ਸ਼ਿਕਾਇਤ ਦਾਇਰ ਕੀਤੀ, ਜਿਸ ਵਿੱਚ BNSS ਦੀਆਂ ਧਾਰਾਵਾਂ 114, 115(2), 56, 61, 74, 75, 76, 78, 79, 351, 356, ਅਤੇ 3(5) ਸ਼ਾਮਲ ਹਨ। ਸ਼ਿਕਾਇਤ ਵਿੱਚ ਡਾਕਟਰ ਬਲਬੀਰ ਸਿੰਘ, ਰਾਹੁਲ ਸੈਣੀ ਪੁੱਤਰ ਡਾਕਟਰ ਬਲਬੀਰ ਸਿੰਘ, ਜਸਬੀਰ ਸਿੰਘ ਗਾਂਧੀ ਗੁਰਕਿਰਪਾਲ ਸਿੰਘ ਐਮਸੀ, ਗੁਰਪ੍ਰੀਤ ਸਿੰਘ ਅਤੇ ਆਮ ਆਦਮੀ ਪਾਰਟੀ ਦਾ ਨਾਮ ਸ਼ਾਮਿਲ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਨੋਟਿਸ ਸਿਰਫ਼ ਜਾਣਕਾਰੀ ਲਈ ਹੈ ਅਤੇ ਇਸਨੂੰ ਸੰਮਨ ਨਹੀਂ ਮੰਨਿਆ ਜਾਂਦਾ। ਇਸ ਤੋਂ ਇਲਾਵਾ, ਮੁਲਜ਼ਮਾਂ ਨੂੰ ਵਿਅਕਤੀਗਤ ਤੌਰ 'ਤੇ ਜਾਂ ਆਪਣੇ ਵਕੀਲ ਰਾਹੀਂ ਪੇਸ਼ ਹੋਣ ਦਾ ਅਧਿਕਾਰ ਹੈ। ਅਦਾਲਤ ਨੇ ਇਹ ਵੀ ਕਿਹਾ ਕਿ ਸੰਮਨ ਜਾਰੀ ਹੋਣ ਤੱਕ ਜ਼ਮਾਨਤ ਪ੍ਰਾਪਤ ਕਰਨ ਲਈ ਨਿੱਜੀ ਪੇਸ਼ੀ ਦੀ ਲੋੜ ਨਹੀਂ ਹੈ।

**ਕੁੱਝ ਦਿਨ ਪਹਿਲਾਂ ਹੀ ਸ਼ਵੇਤਾ ਜਿੰਦਲ ਨੂੰ ਕੀਤਾ ਗਿਆ ਸੀ ਸਸਪੈਂਡ**

ਦੱਸ ਦਈਏ ਕਿ ਸ਼ਵੇਤਾ ਜਿੰਦਲ, ਆਮ ਆਦਮੀ ਪਾਰਟੀ ਦੀ ਪਟਿਆਲਾ ਤੋਂ ਸਾਬਕਾ ਜ਼ਿਲ੍ਹਾ ਮਹਿਲਾ ਪ੍ਰਧਾਨ ਹੈ। 'ਆਪ' ਵੱਲੋਂ ਬੀਤੇ ਦਿਨੀ ਹੀ ਸ਼ਵੇਤਾ ਜ਼ਿੰਦਲ ਖਿਲਾਫ਼ ਵੱਡੀ ਕਾਰਵਾਈ ਕਰਦਿਆਂ ਤੁਰੰਤ ਪ੍ਰਭਾਵ ਨਾਲ ਸਾਰੇ ਅਹੁਦਿਆਂ ਤੋਂ ਸਸਪੈਂਡ ਕੀਤਾ ਸੀ, ਕਿਉਂਕਿ ਮੋਬਾਈਲ ਡਾਟਾ ਡਿਲੀਟ ਮਾਮਲੇ 'ਚ ਮਹਿਲਾ ਆਗੂ ਨੇ ਥਾਣਾ ਤ੍ਰਿਪੜੀ ਅੱਗੇ ਧਰਨਾ ਲਾ ਕੇ ਪੁਲਿਸ 'ਤੇ ਪੁਲਿਸ 'ਤੇ ਕਾਰਵਾਈ ਨਾ ਕਰਨ ਦੇ ਗੰਭੀਰ ਇਲਜ਼ਾਮ ਲਾਏ ਸਨ। ਇਸ ਮਾਮਲੇ ਵਿੱਚ ਪਾਰਟੀ ਨੇ ਮਹਿਲਾ ਆਗੂ ਤੋਂ ਸਪੱਸ਼ਟੀਕਰਨ ਮੰਗਿਆ ਸੀ, ਪਰੰਤੂ ਪਾਰਟੀ ਨੇ ਸਪੱਸ਼ਟੀਕਰਨ ਤੋਂ ਅਸੰਤੁਸ਼ਟੀ ਜ਼ਾਹਰ ਕਰਦਿਆਂ ਪਾਰਟੀ ਦੇ ਨਾਂਅ ਦੀ ਦੁਰਵਰਤੋਂ ਕੀਤੇ ਜਾਣ ਦੀ ਗੱਲ ਕਹਿ ਕੇ ਸਸਪੈਂਡ ਕਰ ਦਿੱਤਾ ਸੀ। **(ਫਾਈਲ ਫੋਟੋ)**

## ਅਮਰੀਕਾ 'ਚ ਪੰਜਾਬੀਆਂ ਲਈ ਵੱਡਾ ਝਟਕਾ, ਟਰੰਪ ਸਰਕਾਰ ਵੱਲੋਂ ਹੋਰ ਸਖਤ ਨਵਾਂ ਨਿਯਮ ਲਾਗੂ, ਭਾਰਤੀਆਂ 'ਚ ਮੱਚਿਆ ਹੜਕੰਪ

**ਵਾਸ਼ਿੰਗਟਨ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਟਰੰਪ ਵੱਲੋਂ ਭਾਰਤੀਆਂ ਨੂੰ ਲੈ ਕੇ ਦਿਨੋਂ ਦਿਨ ਸਖਤੀ ਵਰਤੀ ਜਾ ਰਹੀ ਹੈ। ਹੁਣ ਪੰਜਾਬੀਆਂ ਲਈ ਚੌਂਕਾਣ ਵਾਲੀ ਖ਼ਬਰ ਸਾਹਮਣੇ ਆਈ ਹੈ। ਅਸਲ ਵਿੱਚ, ਅਮਰੀਕਾ ਸਰਕਾਰ ਨੇ ਨਵੇਂ ਨਿਯਮ ਲਾਗੂ ਕਰ ਦਿੱਤੇ ਹਨ। ਜਾਣਕਾਰੀ ਮੁਤਾਬਕ, ਅਮਰੀਕਾ ਵਿੱਚ ਵਾਪਰ ਰਹੀਆਂ ਸੜਕ ਦੁਰਘਟਨਾਵਾਂ ਦੇ ਮੱਦੇਨਜ਼ਰ, ਪ੍ਰਸ਼ਾਸਨ ਨੇ ਪ੍ਰਵਾਸੀਆਂ ਲਈ ਟਰੱਕ ਡਰਾਈਵਿੰਗ ਲਾਇਸੈਂਸ ਦੇ ਨਿਯਮ ਸਖਤ ਕਰ ਦਿੱਤੇ ਹਨ। ਹੁਣ ਸਿਰਫ਼ ਗ੍ਰੀਨ ਕਾਰਡ ਧਾਰਕ ਜਾਂ ਅਮਰੀਕੀ ਨਾਗਰਿਕ ਹੀ ਹੈਵੀ ਡਿਊਟੀ ਵਾਲੇ ਡਰਾਈਵਿੰਗ ਲਾਇਸੈਂਸ ਲਈ ਅਰਜ਼ੀ ਦੇ ਸਕਣਗੇ। ਇਸ ਨਵੇਂ ਨਿਯਮ



ਦੇ ਕਾਰਨ ਪੰਜਾਬੀ ਭਾਈਚਾਰੇ ਵਿੱਚ ਚਿੰਤਾ ਅਤੇ ਟੈਂਸ਼ਨ ਵਾਲਾ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ। ਖ਼ਾਸ ਕਰਕੇ ਉਹ ਲੋਕ ਜੋ ਅਮਰੀਕਾ ਵਿੱਚ ਲੰਬੀ ਮਿਆਦ ਲਈ ਟਰੱਕਿੰਗ ਜਾਂ ਹੈਵੀ ਡਿਊਟੀ ਦੇ ਕੰਮ ਵਿੱਚ ਲਗੇ ਹੋਏ ਹਨ। ਇਸ ਨਿਯਮ ਨਾਲ ਨੌਕਰੀਆਂ ਤੇ ਰਿਹਾਇਸ਼ ਸਬੰਧੀ ਮਾਮਲੇ ਵੀ ਪ੍ਰਭਾਵਿਤ ਹੋ ਸਕਦੇ ਹਨ ਅਤੇ ਲੋਕਾਂ ਨੂੰ ਆਪਣੀਆਂ ਯੋਜਨਾਵਾਂ ਵਿੱਚ ਵੱਡੇ ਬਦਲਾਅ ਕਰਨ ਪੈਣਗੇ। ਇਸ ਵੇਲੇ ਅਮਰੀਕਾ ਨੇ ਵਰਕ ਪਰਮਿਟ ਵਾਲੇ ਟਰੱਕ ਡਰਾਈਵਰਾਂ ਵਿਰੁੱਧ ਵੱਡੀ ਕਾਰਵਾਈ ਕੀਤੀ ਹੈ ਅਤੇ 130 ਡਰਾਈਵਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚੋਂ ਘੱਟੋ-ਘੱਟ 28 ਪੰਜਾਬੀ ਹਨ। ਟਰੰਪ ਸਰਕਾਰ ਨੇ ਨਵੇਂ ਨਿਯਮ ਲਾਗੂ ਕਰ ਦਿੱਤੇ ਹਨ, ਜਿਸ ਅਨੁਸਾਰ ਗ੍ਰੀਨ ਕਾਰਡ ਜਾਂ ਅਮਰੀਕੀ ਨਾਗਰਿਕਤਾ ਤੋਂ ਬਿਨਾਂ ਵਪਾਰਕ ਡਰਾਈਵਿੰਗ ਲਾਇਸੈਂਸ ਨਹੀਂ ਮਿਲੇਗਾ। ਇਸ ਕਾਰਵਾਈ ਵਿੱਚ ਪਹਿਲਾਂ ਓਕਲਾਹੋਮਾ ਰਾਜ ਦੇ ਡਰਾਈਵਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਧਿਆਨ ਵਿੱਚ ਰੱਖੋ ਕਿ ਅਮਰੀਕਾ ਵਿੱਚ ਲਗਭਗ 2 ਲੱਖ ਟਰੱਕ ਡਰਾਈਵਰ 'ਕੱਚੇ' ਹਨ ਅਤੇ ਉਹਨਾਂ ਵਿੱਚ ਹਜ਼ਾਰਾਂ ਪੰਜਾਬੀ ਨੌਜਵਾਨ ਵੀ ਸ਼ਾਮਲ ਹਨ। ਮਾਹਰਾਂ ਦਾ ਕਹਿਣਾ ਹੈ ਕਿ ਸਰਕਾਰ ਵੱਡੇ ਪੈਮਾਨੇ 'ਤੇ ਸ਼ਰਨ ਦੇ ਮਾਮਲੇ ਰੱਦ ਕਰਨ ਦੀ ਵੀ ਯੋਜਨਾ ਬਣਾ ਰਹੀ ਹੈ, ਜਿਸ ਨਾਲ ਲੱਖਾਂ ਪ੍ਰਵਾਸੀਆਂ ਲਈ ਹੋਰ ਮੁਸ਼ਕਲਾਂ ਪੈਦਾ ਹੋ ਸਕਦੀਆਂ ਹਨ। ਸਰਕਾਰ ਵੱਡੇ ਪੈਮਾਨੇ 'ਤੇ ਸ਼ਰਨ ਦੇ ਮਾਮਲਿਆਂ ਨੂੰ ਰੱਦ ਕਰਨ ਦੀ ਵੀ ਯੋਜਨਾ ਬਣਾ ਰਹੀ ਹੈ, ਜਿਸ ਨਾਲ ਲੱਖਾਂ ਪ੍ਰਵਾਸੀਆਂ ਲਈ ਹੋਰ ਵੀ ਗੰਭੀਰ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ, ਜਿਵੇਂ ਕਿ ਨੌਕਰੀਆਂ ਦੀ ਖੋਹ, ਪਰਿਵਾਰਾਂ ਦਾ ਵਿਛੋੜਾ ਅਤੇ ਕਾਨੂੰਨੀ ਲੜਾਈਆਂ ਵਿੱਚ ਫਸਣਾ, ਜੋ ਪੰਜਾਬ ਵਰਗੇ ਰਾਜਾਂ ਵਿੱਚ ਵਿਦੇਸ਼ ਜਾਣ ਵਾਲੇ ਨੌਜਵਾਨਾਂ ਦੇ ਭਵਿੱਖ ਨੂੰ ਹਨੇਰੇ 'ਚ ਪਾ ਸਕਦਾ ਹੈ ਅਤੇ ਇਹ ਸਭ ਕੁਝ ਅਮਰੀਕੀ ਨੀਤੀਆਂ ਵਿੱਚ ਬਦਲਾਅ ਨਾਲ ਜੁੜਿਆ ਹੋਇਆ ਹੈ ਜੋ ਪ੍ਰਵਾਸੀਆਂ ਨੂੰ ਨਿਸ਼ਾਨਾ ਬਣਾ ਰਹੀਆਂ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਦੁਸਹਿਰਾ ਸ਼ਸਤਰ ਪੂਜਾ

## ਦੁਸਹਿਰਾ ਮਹਾਤਮ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।

## ਵੀਰਵਾਰ 2 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਇਹਨਾ ਸਮਾਗਮਾਂ ਦੌਰਾਨ ਸ਼ਸਤ੍ਰ ਪੂਜਾ ਨੂੰ ਮੁੱਖ ਰੱਖਦੇ ਹੋਏ ਗੁਰਬਾਣੀ ਕੀਰਤਨ, ਆਰਤੀ, ਆਰਤੇ ਦੇ ਜਾਪ ਹੋਣਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਮਾਮਲੇ ਦੀ

# ਅਗਲੀ ਸੁਣਵਾਈ 7 ਅਕਤੂਬਰ ਨੂੰ



ਨਵੀਂ ਦਿੱਲੀ 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):– 45 ਸਾਲਾ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ 18 ਜੂਨ, 2023 ਨੂੰ ਸਰੀ, ਬੀਸੀ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰੇ ਤੋਂ ਬਾਹਰ ਨਿਕਲਦੇ ਸਮੇਂ ਇੱਕ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੇ ਗਏ ਹਮਲੇ ਵਿੱਚ ਗੋਲੀ ਮਾਰ ਕੇ ਮਾਰ ਦਿੱਤਾ ਗਿਆ ਸੀ। ਇੱਕ ਕੈਨੇਡੀਅਨ ਨਾਗਰਿਕ, ਨਿੱਝਰ ਭਾਰਤ ਵਿੱਚ ਇੱਕ ਸੁਤੰਤਰ ਸਿੱਖ ਰਾਜ ਦੀ ਸਿਰਜਣਾ ਲਈ ਜ਼ੋਰ ਦੇਣ ਵਾਲੀ ਖਾਲਿਸਤਾਨ ਲਹਿਰ ਵਿੱਚ ਇੱਕ ਪ੍ਰਮੁੱਖ ਸਥਾਨਕ ਨੇਤਾ ਸੀ। 20 ਸਾਲ ਦੀ ਉਮਰ ਦੇ ਚਾਰ ਕਥਿਤ ਹਿੱਟਮੈਨ, ਸਾਰੇ ਭਾਰਤੀ ਨਾਗਰਿਕ ਜੋ ਕਈ ਸਾਲ ਪਹਿਲਾਂ ਕੈਨੇਡਾ ਪਹੁੰਚੇ ਸਨ, ’ਤੇ ਇਸ ਕਤਲ ਨੂੰ ਅੰਜਾਮ ਦੇਣ ਦਾ ਦੋਸ਼ ਲਗਾਇਆ ਗਿਆ ਹੈ। ਭਾਈ ਨਿੱਝਰ ਦੇ ਅਤਿ ਨਜ਼ਦੀਕੀ ਭਾਈ ਨਰਿੰਦਰ ਸਿੰਘ ਰੰਧਾਵਾ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਇੰਨ੍ਹਾ ਦੋਸ਼ੀਆਂ ਦੀ ਅਦਾਲਤ ਅੰਦਰ 2 ਅਕਤੂਬਰ ਨੂੰ ਪੇਸ਼ੀ ਸੀ ਪਰ ਅਦਾਲਤ ਵਲੋਂ ਇੰਨ੍ਹਾ ਦੀ ਤਰੀਕ ਨੂੰ ਅੱਗੇ ਕਰਕੇ 7 ਅਕਤੂਬਰ ਕਰ ਦਿੱਤਾ ਗਿਆ ਹੈ ਇਸ ਲਈ ਕੈਨੇਡਾ ਦੀ ਸੁਪਰੀਮ ਕੋਰਟ ਅਦਾਲਤ ਅੰਦਰ ਚਲ ਰਹੇ ਇਸ ਹਾਈ ਪ੍ਰੋਫਾਈਲ ਮਾਮਲੇ ਦੀ ਅਗਲੀ ਸੁਣਵਾਈ ਹੁਣ 7 ਅਕਤੂਬਰ ਨੂੰ ਹੋਵੇਗੀ। ਉਨ੍ਹਾਂ ਦਸਿਆ ਕਿ ਅਦਾਲਤੀ ਦਸਤਾਵੇਜ਼ਾਂ ਅਨੁਸਾਰ ਇਨ੍ਹਾਂ ’ਤੇ ਪਹਿਲੀ ਡਿਗਰੀ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਹਨ। ਪੁਲਿਸ ਦਾ ਮੰਨਣਾ ਹੈ ਕਿ ਇੰਨ੍ਹਾ ਨੇ 1 ਮਈ, 2023 ਅਤੇ 18 ਜੂਨ, 2023 ਦੇ ਵਿਚਕਾਰ ਸਰੀ ਅਤੇ ਐਡਮੰਟਨ ਵਿੱਚ ਨਿੱਝਰ ਨੂੰ ਮਾਰਨ ਦੀ ਯੋਜਨਾ ’ਤੇ ਦੂਜਿਆਂ ਨਾਲ ਮਿਲ ਕੇ ਸਾਜ਼ਿਸ਼ ਰਚੀ ਸੀ। ਉਨ੍ਹਾਂ ਦਸਿਆ ਕਿ ਮਾਮਲੇ ਵਿਚ ਤਿਹਕੀਕਾਤ ਕਰ ਅਧਿਕਾਰੀ "ਜਾਣਦੇ ਹਨ" ਕਿ ਹੋਰਾਂ ਨੇ ਵੀ ਇਸ ਕਤਲ ਵਿੱਚ ਭੂਮਿਕਾ ਨਿਭਾਈ ਹੋ ਸਕਦੀ ਹੈ। ਆਰਸੀਐਮਪੀ ਨੇ ਕਿਹਾ ਹੈ ਕਿ ਘਟਨਾ ਅਜੇ ਵੀ "ਬਹੁਤ ਜ਼ਿਆਦਾ ਸਰਗਰਮ ਜਾਂਚ ਅਧੀਨ" ਹੈ।

### ਐਡਵੋਕੇਟ ਧਾਮੀ ਨੇ ਬੈਂਕ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ

# ਸ੍ਰੀ ਦਰਬਾਰ ਸਾਹਿਬ ਵਿਖੇ ਕੈਨਰਾ ਬੈਂਕ ਵੱਲੋਂ ਐਂਬੂਲੈਂਸ ਭੇਟ





**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਅੱਜ ਕੈਨਰਾ ਬੈਂਕ ਵੱਲੋਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਪ੍ਰੋਗਰਾਮ ਤਹਿਤ ਇੱਕ ਐਂਬੂਲੈਂਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭੇਟ ਕੀਤੀ ਗਈ। ਐਂਬੂਲੈਂਸ ਦੀਆਂ ਚਾਬੀਆਂ ਬੈਂਕ ਅਧਿਕਾਰੀਆਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀਆਂ ਗਈਆਂ। ਐਡਵੋਕੇਟ ਧਾਮੀ ਨੇ ਇਸ ਮੌਕੇ ਗੱਲ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਧਾਰਮਿਕ ਪ੍ਰਬੰਧਾਂ ਦੇ ਨਾਲ-ਨਾਲ ਵਿਦਿਆ ਤੇ ਸਿਹਤ ਖੇਤਰ ਵਿੱਚ ਵੱਡੀਆਂ ਸੇਵਾਵਾਂ ਕਰ ਰਹੀ ਹੈ। ਉਹਨਾਂ ਕਿਹਾ ਕਿ ਸੇਵਾਵਾਂ ਵਿੱਚ ਸੰਗਤਾਂ ਦੇ ਨਾਲ-ਨਾਲ ਵੱਖ-ਵੱਖ ਸੰਸਥਾਵਾਂ ਅਤੇ ਬੈਂਕਾਂ ਵੱਲੋਂ ਵੀ ਮਹੱਤਵਪੂਰਨ ਯੋਗਦਾਨ ਦਿੱਤਾ ਜਾ ਰਿਹਾ ਹੈ। ਧਾਮੀ ਨੇ ਕੈਨਰਾ ਬੈਂਕ ਦਾ ਧੰਨਵਾਦ ਕਰਦਿਆਂ ਉਮੀਦ ਜਤਾਈ ਕਿ ਅੱਗੇ ਵੀ ਇਸ ਤਰ੍ਹਾਂ ਦੇ ਸਹਿਯੋਗ ਜਾਰੀ ਰਹਿਣਗੇ। ਇਸ ਮੌਕੇ ਐਡਵੋਕੇਟ ਧਾਮੀ ਨੇ ਕੈਨਰਾ ਬੈਂਕ ਦੇ ਅਧਿਕਾਰੀਆਂ ਨੂੰ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਭੇਟ ਕਰਕੇ ਸਨਮਾਨਿਤ ਕੀਤਾ। ਕੈਨਰਾ ਬੈਂਕ ਦੇ ਚੇਅਰਮੈਨ ਸ. ਹਰਦੀਪ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਇਹ ਐਂਬੂਲੈਂਸ ਗੁਰੂ ਸਾਹਿਬ ਦੀ ਕਿਰਪਾ ਨਾਲ ਸੰਗਤ ਦੀ ਸੇਵਾ ਲਈ ਛੋਟੀ ਜਿਹੀ ਭੇਟ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੀਆਂ ਸੇਵਾਵਾਂ ਦਾ ਸਿੱਧਾ ਲਾਭ ਸੰਗਤ ਨੂੰ ਹੁੰਦਾ ਹੈ ਅਤੇ ਇਸ ਯੋਗਦਾਨ ਲਈ ਉਹ ਖੁਦ ਨੂੰ ਧੰਨਵਾਨ ਮਹਿਸੂਸ ਕਰਦੇ ਹਨ। ਇਸ ਸਮਾਗਮ ਵਿੱਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਮੋਹਨ ਸਿੰਘ ਬੰਗੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਨਾਮ ਸਿੰਘ ਜੱਸਲ, ਬੀਬੀ ਜੋਗਿੰਦਰ ਕੌਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕੈਨਰਾ ਬੈਂਕ ਦੇ ਜਨਰਲ ਮੈਨੇਜਰ ਸ੍ਰੀ ਮਨੋਜ ਕੁਮਾਰ ਦਾਸ, ਸ੍ਰੀ ਸੰਦੀਪ ਸਕਸੈਨਾ, ਸ੍ਰੀ ਅਨੁਰਾਗ, ਸ੍ਰੀ ਵਿਸ਼ਨੂ ਅਗਰਵਾਲ, ਸ੍ਰੀ ਰਜਤ ਸਕਸੈਨਾ ਤੇ ਸ੍ਰੀ ਰਾਜੇਸ਼ ਕੁਮਾਰ ਵੀ ਮੌਜੂਦ ਸਨ।

# ਪੰਮਾ ਨੂੰ ਮਿਲਿਆ ਧਮਕੀ ਭਰਿਆ ਫੋਨ



ਨਵੀਂ ਦਿੱਲੀ 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):– ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਅਤੇ ਸੀਨੀਅਰ ਕਾਰੋਬਾਰੀ ਨੇਤਾ ਪਰਮਜੀਤ ਸਿੰਘ ਪੰਮਾ ਨੂੰ 29 ਸਤੰਬਰ, 2025 ਨੂੰ ਸ਼ਾਮ ਵੇਲੇ ਇੱਕ ਅਣਪਛਾਤੇ ਵਿਅਕਤੀ ਤੋਂ ਉਨ੍ਹਾਂ ਦੇ ਮੋਬਾਈਲ ਫੋਨ ’ਤੇ ਇੱਕ ਕਾਲ ਆਈ, ਜਿਸਨੇ ਪੁੱਛਿਆ, "ਕੀ ਇਹ ਪਰਮਜੀਤ ਬੋਲ ਰਿਹਾ ਹੈ ?" ਫਿਰ ਕਾਲ ਕਰਨ ਵਾਲੇ ਨੇ ਉਨ੍ਹਾਂ ਨੂੰ ਗਾਲ੍ਹਾਂ ਕੱਢਣੀਆਂ ਅਤੇ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ, ਤੇ ਕਿਹਾ ਕਿ "ਤੁਹਾਡਾ ਸਮਾਂ ਆ ਗਿਆ ਹੈ, ਹੁਣ ਤੁਹਾਨੂੰ ਆਪਣੇ ਆਪ ਨੂੰ ਤਿਆਰ ਕਰਨਾ ਚਾਹੀਦਾ ਹੈ।" ਪਰਮਜੀਤ ਸਿੰਘ ਪੰਮਾ ਨੇ ਤੁਰੰਤ ਇਸ ਮਾਮਲੇ ਦੀ ਰਿਪੋਰਟ ਸਦਰ ਬਾਜ਼ਾਰ ਪੁਲਿਸ ਸਟੇਸ਼ਨ ਦੇ ਐਸਐਚਓ ਨੂੰ ਕੀਤੀ, ਅਤੇ ਫ਼ੋਨ ਨੰਬਰ ਸਮੇਤ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ। ਜਿਸ ਵਿਚ ਪੰਮਾ ਨੇ ਆਪਣੇ ਪਰਿਵਾਰ ਅਤੇ ਜਾਇਦਾਦ ਦੀ ਸੁਰੱਖਿਆ ਲਈ ਵੀ ਚਿੰਤਾ ਪ੍ਰਗਟ ਕੀਤੀ। ਪਰਮਜੀਤ ਸਿੰਘ ਪੰਮਾ ਵੱਖ-ਵੱਖ ਸੰਗਠਨਾਂ ਨਾਲ ਜੁੜੇ ਹੋਏ ਹਨ ਅਤੇ ਲਗਾਤਾਰ ਸਮਾਜਿਕ ਮੁੱਦੇ ਉਠਾਉਂਦੇ ਰਹਿੰਦੇ ਹਨ, ਭਾਵੇਂ ਉਹ ਦੇਸ਼, ਸਮਾਜ ਜਾਂ ਕਾਰੋਬਾਰਾਂ ਨਾਲ ਸਬੰਧਤ ਹੋਣ। ਇਸ ਕਾਰਨ ਕਰਕੇ, ਸੋਸ਼ਲ ਮੀਡੀਆ ਅਤੇ ਹੋਰ ਸੰਗਠਨਾਂ ਨੇ ਪਰਮਜੀਤ ਸਿੰਘ ਪੰਮਾ ਨੂੰ "ਐਂਗਰੀ ਮੈਨ" ਦਾ ਖਿਤਾਬ ਦਿੱਤਾ ਹੈ।

## ਥਾਣੇਦਾਰ ਸੂਬਾ ਸਰਹੰਦ ਨੇ ਮੇਰੇ ਪਰਿਵਾਰ ਉੱਤੇ ਵੀ ਕੀਤਾ ਸੀ ਤਸ਼ੱਦਦ: ਜਥੇਦਾਰ ਗੁਰਨਾਮ ਸਿੰਘ ਬੰਡਾਲਾ

### ਦਮਦਮੀ ਟਕਸਾਲ ਯੋਧਿਆਂ ’ਤੇ ਸਦਾ ਮਾਣ ਕਰੇਗੀ – ਬੰਡਾਲਾ



**ਅੰਮ੍ਰਿਤਸਰ, 1 ਅਕਤੂਬਰ (ਖ਼ਾਸ)**-ਖ਼ਾਲਿਸਤਾਨ ਕਮਾਂਡੋ ਫੋਰਸ ਦੇ ਜੁਝਾਰੂ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਕਨਵੀਨਰ ਰਹੇ ਜਥੇਦਾਰ ਬਾਬਾ ਗੁਰਨਾਮ ਸਿੰਘ ਬੰਡਾਲਾ ਨੇ ਖੁਲਾਸਾ ਕੀਤਾ ਕਿ ਜ਼ਾਲਮ ਥਾਣੇਦਾਰ ਸੂਬਾ ਸਰਹੰਦ ਨੇ ਨਾ ਸਿਰਫ਼ ਪੰਥਕ ਯੋਧਿਆਂ ‘ਤੇ ਬੇਅੰਤ ਜ਼ੁਲਮ ਕੀਤੇ ਸਨ, ਸਗੋਂ ਉਹਨਾਂ ਦੇ ਆਪਣੇ ਪਰਿਵਾਰ ਨੂੰ ਵੀ ਖੌਫਨਾਕ ਤਸ਼ੱਦਦ ਦਾ ਸ਼ਿਕਾਰ ਬਣਾਇਆ ਸੀ। ਬੰਡਾਲਾ ਨੇ ਦੱਸਿਆ ਕਿ ਥਾਣੇਦਾਰ ਸੂਬਾ ਸਰਹੰਦ ਨੇ ਐਸ ਐਸ ਪੀ ਅਜੀਤ ਸਿਹੁੰ ਸੰਧੂ, ਡੀ ਐਸ ਪੀ ਖ਼ੂਬੀ ਰਾਮ, ਪਰਮਰਾਜ ਸਿਹੁੰ ਉਮਰਾਨੰਗਲ ਅਤੇ ਐਸ ਐਚ ਓ ਜਸਪਾਲ ਸਿੰਘ ਨਾਲ ਮਿਲ ਕੇ ਉਸਦੇ ਪਰਿਵਾਰਕ ਮੈਂਬਰਾਂ ‘ਤੇ ਦਰਿੰਦਗੀ ਕੀਤੀ। ਉਸਦੀ ਭੈਣ ਬਲਬੀਰ ਕੌਰ ਦੀ ਲੱਤ ਤੋੜ ਦਿੱਤੀ ਗਈ ਜਿਸ ਕਾਰਨ ਉਹ ਅੱਜ ਤੱਕ ਲੰਗੜਾ ਕੇ ਤੁਰਦੀ ਹੈ, ਜਦਕਿ ਭਰਾ ਜੰਬਰ ਸਿੰਘ ਤਸ਼ੱਦਦ ਦੇ ਕਾਰਨ ਆਪਣਾ ਦਿਮਾਗੀ ਸੰਤੁਲਨ ਗਵਾ ਬੈਠਿਆ। ਉਸਨੇ ਕਿਹਾ ਕਿ ਉਸਦੀ ਭਣੇਵੀਂ ਨੇ ਪੁਲਿਸ ਅਧਿਕਾਰੀਆਂ ਨੂੰ ਉਸੇ ਸਮੇਂ ਲਲਕਾਰਿਆ ਸੀ ਅਤੇ ਇਤਿਹਾਸਕ ਤੁਲਨਾ ਕਰਦਿਆਂ ਪੁੱਛਿਆ ਸੀ ਕਿ "ਜੇ ਭਾਈ ਗੁਰਨਾਮ ਸਿੰਘ ਖ਼ਾਲਿਸਤਾਨ ਦੀ ਆਜ਼ਾਦੀ ਲਈ ਲੜ ਰਿਹਾ ਸੀ ਤਾਂ ਭਗਤ ਸਿੰਘ ਵੀ ਤਾਂ ਹਿੰਦੁਸਤਾਨ ਦੀ ਆਜ਼ਾਦੀ ਲਈ ਲੜਿਆ ਸੀ। ਕੀ ਅੰਗਰੇਜ਼ਾਂ ਨੇ ਵੀ ਭਗਤ ਸਿੰਘ ਦੇ ਪਰਿਵਾਰ ਨਾਲ ਐਸਾ ਜ਼ੁਲਮ ਕੀਤਾ ਸੀ ?" ਬੰਡਾਲਾ ਨੇ ਕਿਹਾ ਕਿ ਉਸਦੀ ਭਣੇਵੀਂ ਨੇ ਸੂਬਾ ਸਰਹੰਦ ਨੂੰ ਚੇਤਾਵਨੀ ਦਿੱਤੀ ਸੀ ਕਿ ਜਿਸ ਤਰ੍ਹਾਂ ਉਸਦੀ ਮਾਂ ਦੀ ਲੱਤ ਤੋੜੀ ਗਈ ਹੈ, ਉਸੇ ਤਰ੍ਹਾਂ ਇੱਕ ਦਿਨ ਉਹ ਖ਼ੁਦ ਲੰਗੜਾ ਕੇ ਤੁਰੇਗਾ—ਅਤੇ ਇਹ ਗੱਲ ਸੱਚ ਸਾਬਤ ਹੋਈ। ਉਹਨਾਂ ਭਾਈ ਸੰਦੀਪ ਸਿੰਘ ਸੰਨੀ ਵੱਲੋਂ ਜੇਲ੍ਹ ਵਿੱਚ ਸੂਬੇ ਨੂੰ ਸੋਧਣ ਦੀ ਕਾਰਵਾਈ ਅਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ) ਤੇ ਭਾਈ ਭੁਪਿੰਦਰ ਸਿੰਘ ਛੇ ਜੂਨ ਵੱਲੋਂ ਉਸਦੇ ਭੋਗ ‘ਤੇ ਡਟ ਕੇ ਵਿਰੋਧ ਕਰਨ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ "ਇਹ ਸਿੰਘ ਬਾਬਾ ਬੋਤਾ ਸਿੰਘ ਅਤੇ ਬਾਬਾ ਗਰਜਾ ਸਿੰਘ ਦੀ ਰੀਤ ‘ਚ ਗਰਜੇ ਹਨ। ਦਮਦਮੀ ਟਕਸਾਲ ਯੋਧਿਆਂ ਅਤੇ ਸ਼ਹੀਦਾਂ ਦੀ ਖਾਣ ਹੈ ਅਤੇ ਇਹਨਾਂ ਸੂਰਮਿਆਂ ‘ਤੇ ਪੂਰੀ ਕੌਮ ਨੂੰ ਮਾਣ ਰਹੇਗਾ।" ਜਥੇਦਾਰ ਬੰਡਾਲਾ ਨੇ ਅਖੀਰ ਵਿੱਚ ਕਿਹਾ ਕਿ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਸ਼ੁਰੂ ਕੀਤਾ ਗਿਆ ਸੰਘਰਸ਼ ਅਜੇ ਵੀ ਜਾਰੀ ਹੈ ਅਤੇ ਖ਼ਾਲਿਸਤਾਨ ਅਵਸ਼ ਬਣੇਗਾ।

## ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਪ੍ਰੀਤ ਮੋਹਿੰਦਰ ਸਿੰਘ ਬੇਦੀ ਸਟੈਨਫੋਰਡ-ਐਲਸੇਵੀਅਰ 2025 ਦੀ ਸੂਚੀ ਵਿੱਚ ਵਿਸ਼ਵ ਦੇ ਸਿਖਰਲੇ 2% ਵਿਗਿਆਨੀਆਂ ਵਿੱਚ ਸ਼ਾਮਲ

**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਫਾਰਮਾਸਿਊਟੀਕਲ ਸਾਇੰਸਿਜ਼ ਵਿਭਾਗ ਦੇ ਪ੍ਰੋਫੈਸਰ ਅਤੇ ਗਲੋਬਲ ਰੈਂਕਿੰਗ ਐਂਡ ਇੰਟਰਨੈਸ਼ਨਲ ਕੋਲੈਬੋਰੇਸ਼ਨ ਸੈੱਲ ਦੇ ਡਾਇਰੈਕਟਰ, ਡਾ. ਪ੍ਰੀਤ ਮੋਹਿੰਦਰ ਸਿੰਘ ਬੇਦੀ ਨੂੰ ਸਟੈਨਫੋਰਡ-ਐਲਸੇਵੀਅਰ ਦੀ 2025 ਦੀ ਸੂਚੀ ਵਿੱਚ ਵਿਸ਼ਵ ਦੇ ਸਿਖਰਲੇ 2% ਵਿਗਿਆਨੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਹ ਸੂਚੀ ਪੂਰੇ ਅਕਾਦਮਿਕ ਕਰੀਅਰ ਦੌਰਾਨ ਖੋਜ ਦੇ ਪ੍ਰਭਾਵ ਦਾ ਮੁਲਾਂਕਣ ਕਰਦੀ ਹੈ। ਡਾ. ਬੇਦੀ ਦੀ ਵਿਆਪਕ ਖੋਜ ਨੇ 150 ਤੋਂ ਵੱਧ ਵਿਗਿਆਨਕ ਲੇਖਾਂ ਨੂੰ ਅੰਤਰਰਾਸ਼ਟਰੀ ਜਰਨਲਾਂ ਵਿੱਚ ਪ੍ਰਕਾਸ਼ਿਤ ਕਰਵਾਇਆ, ਜਿਸ ਨਾਲ ਅਨੇਕਾਂ ਨਵੀਆਂ ਖੋਜਾਂ ਅਤੇ ਉਨ੍ਹਾਂ ਨੂੰ ਵਿਸ਼ਵ ਪੱਧਰ ’ਤੇ ਮਾਨਤਾ ਮਿਲੀ। ਡੇਰਾ ਬਾਬਾ ਨਾਨਕ ਦੇ ਇੱਕ ਸਾਦੇ ਪਰਿਵਾਰ ਵਿੱਚੋਂ ਉੱਭਰੇ ਪ੍ਰੋਫੈਸਰ ਬੇਦੀ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਵੱਖ-ਵੱਖ ਪ੍ਰਸ਼ਾਸਨਿਕ ਅਤੇ ਅਕਾਦਮਿਕ ਅਹੁਦਿਆਂ ’ਤੇ ਸੇਵਾਵਾਂ ਨਿਭਾਈਆਂ। ਪ੍ਰੋਫੈਸਰ ਬੇਦੀ ਨੇ ਆਪਣੀ ਯਾਤਰਾ ਅਤੇ ਪ੍ਰਮੁੱਖ ਖੋਜ ਬਾਰੇ ਦੱਸਦਿਆਂ ਕਿਹਾ, "ਮੇਰੀ ਮੈਡੀਸਨਲ ਕੈਮਿਸਟਰੀ ਦੀ ਖੋਜ ਦਵਾਈਆਂ ਲਈ ਰਸਾਇਣਕ ਮਿਸ਼ਰਣਾਂ ਨੂੰ ਡਿਜ਼ਾਈਨ ਕਰਨ ਅਤੇ ਸੰਸਲੇਸ਼ਣ ਕਰਨ ’ਤੇ ਕੇਂਦਰਿਤ ਹੈ, ਜੋ ਰਸਾਇਣ ਵਿਗਿਆਨ, ਜੀਵ ਵਿਗਿਆਨ ਅਤੇ ਫਾਰਮਾਕੋਲੋਜੀ ਨੂੰ ਜੋੜਦਾ ਇੱਕ ਅੰਤਰ-ਅਨੁਸ਼ਾਸਨੀ ਖੇਤਰ ਹੈ। ਇਸ ਵਿੱਚ ਦਵਾਈਆਂ ਦੀ ਕਿਰਿਆ, ਮੈਟਾਬੋਲਿਜ਼ਮ ਅਤੇ ਸਾਈਡ ਇਫੈਕਟਸ ਨੂੰ ਸਮਝਣਾ ਸ਼ਾਮਲ ਹੈ। ਮੇਰੇ ਮੁੱਖ ਖੋਜ ਖੇਤਰਾਂ ਵਿੱਚ ਨਵੇਂ ਡਰੱਗ ਟਾਰਗੇਟਸ ਦੀ ਪਛਾਣ, ਦਵਾਈਆਂ ਦੀਆਂ ਵਿਸ਼ੇਸ਼ਤਾਵਾਂ ਨੂੰ ਅਨੁਕੂਲ ਬਣਾਉਣਾ, ਡਰੱਗ ਸਕ੍ਰੀਨਿੰਗ ਤਕਨੀਕਾਂ ਦਾ ਵਿਕਾਸ, ਅਣੂ ਡਿਜ਼ਾਈਨ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਅਤੇ ਤੇਜ਼ ਡਰੱਗ ਖੋਜ ਲਈ ਓਪਨ-ਸਾਇੰਸ ਮਾਡਲਾਂ ਦੀ ਪੜਚੋਲ ਸ਼ਾਮਲ ਹੈ।

ਆਰ. ਐਸ. ਐਸ. ਦੇ ਝੂਠੇ ਦਾਅਵਿਆਂ ਦਾ

# ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਮੂੰਹ ਤੋੜ ਜਵਾਬ





**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਤਰਨਤਾਰਨ ਜਿਮਨੀ ਚੋਣ ਦੇ ਸਬੰਧ ਵਿੱਚ ਬਤੌਰ ਜੋਨ ਇੰਚਾਰਜ ਪਿੰਡ ਢੰਡ ਕਸੇਲ ਵਿਖੇ ਕੀਤੀਆਂ ਮੀਟਿੰਗਾਂ ਦੌਰਾਨ ਪ੍ਰੈਸ ਨੋਟ ਰਾਹੀਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇਹ ਕਹਿਣਾ ਕਿ ਪੰਜਾਬ ਵਿੱਚ ਆਏ ਹੜ੍ਹਾਂ ਦੌਰਾਨ ਸਭ ਤੋਂ ਪਹਿਲਾਂ ਮਦਦ ਲਈ ਆਰ. ਐਸ. ਐਸ. ਪਹੁੰਚਿਆ ਸੀ, ਪੂਰੀ ਤਰ੍ਹਾਂ ਝੂਠ ਅਤੇ ਭ੍ਰਮ ਪੈਦਾ ਕਰਨ ਦੀ ਸਾਜ਼ਿਸ਼ ਹੈ। ਇਹਨਾਂ ਮੀਟਿੰਗਾਂ ਦੌਰਾਨ ਭਾਈ ਪੱਧਰੀ ਦੇ ਨਾਲ ਭਾਈ ਦਇਆ ਸਿੰਘ ਜੀ, ਭਾਈ ਕੁਲਵਿੰਦਰ ਸਿੰਘ ਜੀ ਵਡਾਲੀ, ਭਾਈ ਹਰਪ੍ਰੀਤ ਸਿੰਘ ਜੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਕੁਲਵਿੰਦਰ ਸਿੰਘ ਜੀ ਕਸੇਲ, ਭਾਈ ਨਾਨਕ ਸਿੰਘ ਜੀ ਕਸੇਲ, ਭਾਈ ਕੁਲਵਿੰਦਰ ਸਿੰਘ ਜੀ ਕਿੰਦਾ, ਭਾਈ ਰਤਨ ਸਿੰਘ ਜੀ ਢੰਡ, ਭਾਈ ਪ੍ਰਗਟ ਸਿੰਘ ਮੀਰਾਂਕੋਟ, ਭਾਈ ਸੁਖਬੀਰ ਸਿੰਘ ਚੀਮਾਂ ਅਤੇ ਹੋਰ ਸਰਗਰਮ ਵਰਕਰ ਵੀ ਮੌਜੂਦ ਸਨ। ਉਹਨਾਂ ਕਿਹਾ ਕਿ ਸੱਚਾਈ ਇਹ ਹੈ ਕਿ ਹੜ੍ਹਾਂ ਦੇ ਪਹਿਲੇ ਹੀ ਦਿਨ ਤੋਂ ਪੰਜਾਬੀ ਸੰਗਤ ਨੇ ਆਪਣੇ ਸਰਬੱਤ ਦੇ ਭਲੇ ਵਾਲੇ ਗੁਰਮਤੀ ਇਤਿਹਾਸ ਨੂੰ ਨਿਭਾਉਂਦੇ ਹੋਏ ਗੁਰਦੁਆਰਿਆਂ ਦੇ ਲੰਗਰਾਂ, ਸੇਵਾ ਅਤੇ ਪੰਥਕ ਸੰਗਠਨਾਂ ਰਾਹੀਂ ਪੀੜਤ ਲੋਕਾਂ ਦੀ ਬੇਮਿਸਾਲ ਸੇਵਾ ਕੀਤੀ। ਆਰ. ਐਸ. ਐਸ., ਜੋ ਹਮੇਸ਼ਾਂ ਸਿੱਖ ਕੌਮ ਦੀਆਂ ਕੁਰਬਾਨੀਆਂ ਤੇ ਸੇਵਾਵਾਂ ਨੂੰ ਆਪਣੇ ਖਾਤੇ ਵਿੱਚ ਪਾਉਣ ਦੀ ਕੋਸ਼ਿਸ਼ ਕਰਦਾ ਆਇਆ ਹੈ, ਹੁਣ ਹੜ੍ਹਾਂ ਦੀ ਮਦਦ ਦੇ ਨਾਮ 'ਤੇ ਵੀ ਪੰਜਾਬੀਆਂ ਦੀ ਸੇਵਾ ਦਾ ਸਹਿਰਾ ਆਪਣੇ ਸਿਰ ਬੰਨਣ ਦੀ ਕੋਸ਼ਿਸ਼ ਕਰ ਰਿਹਾ ਹੈ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਜਦੋਂ ਸਰਕਾਰ ਤੇ ਆਰ. ਐਸ. ਐਸ. ਦੀਆਂ ਏਜੰਸੀਆਂ ਕਾਗ਼ਜ਼ੀ ਦਾਅਵਿਆਂ 'ਚ ਫੱਸੀਆਂ ਰਹੀਆਂ, ਉਸ ਵੇਲੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਟੀਮਾਂ, ਸਿੱਖ ਨੌਜਵਾਨਾਂ ਅਤੇ ਸੰਗਤਾਂ ਨੇ 24 ਘੰਟੇ ਪੀੜਤ ਲੋਕਾਂ ਲਈ ਰਾਹਤ ਕੈਂਪ ਲਗਾ ਕੇ, ਲੰਗਰਾਂ ਦੇ ਰਾਹੀਂ ਖਾਣ-ਪੀਣ, ਦਵਾਈਆਂ ਅਤੇ ਰਹਿਣ-ਸਹਿਣ ਦਾ ਪ੍ਰਬੰਧ ਕੀਤਾ। ਅਕਾਲੀ ਦਲ ਵਾਰਿਸ ਪੰਜਾਬ ਦੇ ਸਪੱਸ਼ਟ ਕਰਦਾ ਹੈ ਕਿ ਆਰ. ਐਸ. ਐਸ. ਨੇ ਨਾਂ ਪਹਿਲਾਂ ਕਦੇ ਪੰਜਾਬ ਦੀ ਭਲਾਈ ਲਈ ਕੋਈ ਸੱਚੀ ਸੇਵਾ ਕੀਤੀ ਹੈ, ਨਾ ਹੀ ਹੁਣ। ਆਰ. ਐਸ. ਐਸ. ਦਾ ਕੰਮ ਸਿਰਫ਼ ਲੋਕਾਂ ਦੇ ਭਾਵਨਾਤਮਕ ਮੁੱਦਿਆਂ ਨੂੰ ਆਪਣੇ ਹਿੰਦੂ ਰਾਸ਼ਟਰ ਅਜੰਡੇ ਲਈ ਵਰਤਣਾ ਹੀ ਹੈ। ਇਸ ਲਈ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੂੰ ਬੇਨਤੀ ਹੈ ਕਿ ਪੰਜਾਬ ਦੀ ਸੇਵਾ ਦੇ ਮਾਮਲੇ ਵਿੱਚ ਆਰ. ਐਸ. ਐਸ. ਦਾ ਝੂਠਾ ਪ੍ਰਚਾਰ ਨਾਂ ਕੀਤਾ ਜਾਵੇ।

**ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਦਾ ਸਿਹਰਾ ਆਰ. ਐਸ. ਐਸ. ਸਿਰ ਬੰਨਣਾ ਝੂਠਾ ਪ੍ਰਚਾਰ : ਸ਼ਮਸ਼ੇਰ ਸਿੰਘ ਪੱਧਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਮਨਾਇਆ ਗਿਆ ਵਿਸ਼ਵ ਫਿਜੀਓਥਰੇਪੀ ਡੇ



**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਨਾਨਕ ਦੇਵ ਯੂਨੀਵਰਸਿਟੀ ਦੇ ਫਿਜੀਓਥੈਰਪੀ ਵਿਭਾਗ ਵੱਲੋਂ ਵਾਈਸ-ਚਾਂਸਲਰ ਪ੍ਰੋਫੈਸਰ ਕਰਮਜੀਤ ਸਿੰਘ ਦੀ ਅਗਵਾਈ ਹੇਠ ਫਿਜੀਓਥਰੇਪੀ ਡੇ ਦਾ ਆਯੋਜਨ ਕੀਤਾ ਗਿਆ ਵਿਭਾਗ ਦੀ ਮੁਖੀ ਪ੍ਰੋਫੈਸਰ ਡਾ. ਸਤਵਿੰਦਰਜੀਤ ਕੌਰ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਵਿਸ਼ਵ ਫਿਜ਼ੀਓਥੈਰੇਪੀ ਦਿਵਸ ਦੀ ਮਹੱਤਤਾ ਅਤੇ ਸਿਹਤਮੰਦ ਬੁਢਾਪੇ ਵਿੱਚ ਫਿਜ਼ੀਓਥੈਰੇਪੀ ਅਭਿਆਸਾਂ ਦੇ ਯੋਗਦਾਨ 'ਤੇ ਜ਼ੋਰ ਦਿੱਤਾ। ਸਮਾਗਮ ਵਿੱਚ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਪ੍ਰੋਫੈਸਰ ਡਾ. ਵਸੁੰਧਰਾ ਸੰਬਿਆਲ, ਡੀਨ ਲਾਈਫ ਸਾਇੰਸਿਜ਼ ਨੇ ਦਿਵਸ ਦੌਰਾਨ ਆਯੋਜਿਤ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡੇ। ਖੇਤਰ ਦੀ ਪ੍ਰਸਿੱਧ ਫਿਜ਼ੀਓਥੈਰੇਪਿਸਟ ਡਾ. ਮਨੀਸ਼ਾ ਉੱਤਮ ਨੇ 'ਫਿਜ਼ੀਓਥੈਰੇਪੀ ਵਿੱਚ ਤਰੱਕੀ ਅਤੇ ਸਿਹਤਮੰਦ ਬੁਢਾਪਾ: ਲੰਬੀ ਉਮਰ ਦੀ ਕੁੰਜੀ' ਵਿਸ਼ੇ 'ਤੇ ਵਿਸ਼ੇਸ਼ ਸੈਸ਼ਨ ਪੇਸ਼ ਕੀਤਾ। ਬੀ.ਪੀ.ਟੀ. ਅਤੇ ਐਮ.ਪੀ.ਟੀ. ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਡੀਕਲੇਮੇਸ਼ਨ ਮੁਕਾਬਲੇ ਨੇ ਵਿਦਿਆਰਥੀਆਂ ਦੀਆਂ ਜਨਤਕ ਬੋਲਣ ਦੀਆਂ ਮੁਹਾਰਤਾਂ ਨੂੰ ਵਧਾਇਆ, ਜਦਕਿ ਕੁਇਜ਼ ਮੁਕਾਬਲੇ ਅਤੇ ਪੋਸਟਰ ਮੁਕਾਬਲੇ ਨੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਪੇਸ਼ਕਾਰੀ ਅਤੇ ਖੋਜ ਸਮਰੱਥਾ ਨੂੰ ਪ੍ਰਦਰਸ਼ਿਤ ਕੀਤਾ। ਵਿਦਿਆਰਥੀਆਂ ਨੇ ਇੱਕ ਸਿਰਜਣਾਤਮਕ ਸਕਿੱਟ ਵੀ ਪੇਸ਼ ਕੀਤੀ, ਜਿਸ ਵਿੱਚ ਸਿਹਤਮੰਦ ਜੀਵਨ ਲਈ ਫਿਜ਼ੀਓਥੈਰੇਪੀ ਦੀ ਦਰਦ ਨਿਵਾਰਣ ਵਿੱਚ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ ਗਿਆ। ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਡਾ. ਅੰਚਲ ਅਰੋੜਾ, ਡਾ. ਸੁਪ੍ਰੀਆ , ਡਾ. ਮਨਪ੍ਰੀਤਬੀਰ ਕੌਰ, ਡਾ. ਸ਼ਰਨਪ੍ਰੀਤ ਕੌਰ, ਡਾ. ਰਮਨ ਗੋਰਾਇਆ, ਡਾ. ਹਰਦੀਕਾ, ਡਾ. ਸੁਬਨੂਰ ਸਿੰਘ ਅਤੇ ਹੋਰ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਆਵਾਜ਼ਿ ਕੌਮ AWAZE QAUM International Newspaper & WEB TV

# ਪੰਥ ਅਤੇ ਪੰਜਾਬ ਦੀ ਏਕਤਾ ਲਈ ਬੀਬੀ ਸਤਵੰਤ ਕੌਰ ਜੀ ਦੀ ਅਪੀਲ ਕਾਬਿਲ-ਏ-ਸਤਿਕਾਰ ਹੈ: ਬਾਪੂ ਤਰਸੇਮ ਸਿੰਘ





**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਅਕਾਲੀ ਦਲ ਪੁਨਰਸੁਰਜੀਤ ਦੀ ਪੰਥਕ ਕੌਂਸਲ ਦੀ ਚੇਅਰਪਰਸਨ ਬੀਬੀ ਸਤਵੰਤ ਕੌਰ ਜੀ ਵੱਲੋਂ ਕੀਤੀ ਪੰਥਕ ਏਕਤਾ ਦੀ ਅਪੀਲ ਕਾਬਿਲ-ਏ-ਸਤਿਕਾਰ ਅਤੇ ਪੂਰੇ ਪੰਥ ਲਈ ਰਾਹ-ਦਰਸਾਈ ਹੈ। ਉਹਨਾਂ ਕਿਹਾ ਕਿ ਬੀਬੀ ਸਤਵੰਤ ਕੌਰ ਜੀ, ਜਿਹੜੀਆਂ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਅਤੇ ਸੰਤ ਕਰਤਾਰ ਸਿੰਘ ਜੀ ਦੀ ਪੋਤਰੀ ਹਨ, ਉਹਨਾਂ ਦੀ ਪੰਥਕ ਵਿਰਾਸਤ ਅਤੇ ਕੁਰਬਾਨੀਆਂ ਭਰਿਆ ਪਿਛੋਕੜ ਸਿੱਖ ਕੌਮ ਵੱਲੋਂ ਹਮੇਸ਼ਾਂ ਸਤਿਕਾਰ ਨਾਲ ਮੰਨਿਆ ਜਾਂਦਾ ਹੈ। ਉਹਨਾਂ ਦੀ ਸੋਚ ਸਿੱਖ ਰਾਜਨੀਤੀ ਨੂੰ ਇਕ ਨਵੀਂ ਦਿਸ਼ਾ ਦੇ ਸਕਦੀ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਅੱਜ ਸਿੱਖ ਰਾਜਨੀਤੀ ਇੱਕ ਨਾਜ਼ੁਕ ਮੋੜ 'ਤੇ ਖੜੀ ਹੈ। ਪੰਥਕ ਸ਼ਕਤੀ ਵੱਖ-ਵੱਖ ਧਿਰਾਂ ਵਿੱਚ ਵੰਡ ਕੇ ਕਮਜ਼ੋਰ ਕੀਤੀ ਜਾ ਰਹੀ ਹੈ, ਜਿਸ ਨਾਲ ਪੰਜਾਬ ਅਤੇ ਪੰਥ ਦੇ ਹੱਕਾਂ ਦੀ ਪਹਿਰੇਦਾਰੀ ਕਰਨ ਵਾਲੀ ਸਾਂਝੀ ਆਵਾਜ਼ ਕਮਜ਼ੋਰ ਹੋ ਰਹੀ ਹੈ। ਇਸ ਸਥਿਤੀ ਵਿੱਚ ਬੀਬੀ ਸਤਵੰਤ ਕੌਰ ਜੀ ਦੀ ਅਪੀਲ ਸਾਰੀਆਂ ਪੰਥਕ ਧਿਰਾਂ, ਧਾਰਮਿਕ ਸੰਸਥਾਵਾਂ ਅਤੇ ਬੁੱਧੀਜੀਵੀਆਂ ਲਈ ਸਾਫ਼ ਸੰਦੇਸ਼ ਹੈ ਕਿ ਨਿੱਜੀ ਲਾਲਸਾਵਾਂ ਤੋਂ ਉੱਪਰ ਉਠ ਕੇ ਪੰਥ ਅਤੇ ਪੰਜਾਬ ਦੇ ਵੱਡੇ ਹਿੱਤਾਂ ਲਈ ਇਕੱਠੇ ਹੋਇਆ ਜਾਵੇ। ਉਹਨਾਂ ਕਿਹਾ ਕਿ 2 ਦਸੰਬਰ 2024 ਨੂੰ ਅਕਾਲ ਤਖ਼ਤ ਸਾਹਿਬ ਤੋਂ ਸੁਣਾਏ ਗਏ ਹੁਕਮਨਾਮੇ ਦੀ ਭਾਵਨਾ ਵੀ ਇਸ ਗੱਲ ਦੀ ਪੁਸ਼ਟੀ ਕਰਦੀ ਹੈ ਕਿ ਪੰਥ ਦੀ ਏਕਤਾ ਹੀ ਪੰਥ ਅਤੇ ਪੰਜਾਬ ਦੀ ਚੜ੍ਹਦੀ ਕਲਾ ਦੀ ਗਾਰੰਟੀ ਹੈ। ਅੰਤ ਵਿੱਚ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਬੀਬੀ ਸਤਵੰਤ ਕੌਰ ਜੀ ਦੀ ਇਹ ਅਪੀਲ ਸਿਰਫ਼ ਰਾਜਨੀਤਿਕ ਸੰਦੇਸ਼ ਨਹੀਂ ਹੈ, ਸਗੋਂ ਗੁਰੂ ਸਾਹਿਬ ਦੀ ਬਾਣੀ ਅਨੁਸਾਰ ਪੰਥ ਨੂੰ ਇੱਕ ਮੰਚ ਤੇ ਲਿਆਂਦਾ ਜਾਣ ਵਾਲੀ ਗੁਰਮਤਿ ਸੋਚ ਦਾ ਪ੍ਰਤੀਕ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਪੂਰੀ ਤਰ੍ਹਾਂ ਇਸ ਅਪੀਲ ਦਾ ਸਤਿਕਾਰ ਅਤੇ ਸਵਾਗਤ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਦੇ ਵਫਦ ਨੇ ਅਹਿਮ ਸਬੰਧਿਤ ਮੁੱਦਿਆਂ ਤੇ ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਕੀਤੀ ਮੁਲਾਕਾਤ

**ਭਾਈ ਜਗਤਾਰ ਸਿੰਘ ਹਵਾਰਾ, ਭਾਈ ਰਾਜੋਆਣਾ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਦਾ ਚੁੱਕਿਆ ਮੁੱਦਾ**



ਚੰਡੀਗੜ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋ ਆਪਣੇ ਤਿੰਨ ਮੈਬਰੀ ਵਫ਼ਦ ਸਰਦਾਰ ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਸਾਂਸਦ, ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਸਾਬਕਾ ਵਿਧਾਇਕ ਅਤੇ ਸਰਦਾਰ ਗੁਰਜੀਤ ਸਿੰਘ ਤਲਵੰਡੀ ਵੱਲੋ ਅੱਜ ਪੰਜਾਬ ਰਾਜਭਵਨ ਵਿਖੇ ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਗਈ। ਪਾਰਟੀ ਵੱਲੋ ਵਫ਼ਦ ਦੇ ਰੂਪ ਵਿੱਚ ਪੰਜਾਬ ਰਾਜਪਾਲ ਨੂੰ ਦਿੱਤੇ ਮੈਮੋਰੰਡਮ ਵਿੱਚ ਪੰਥ ਅਤੇ ਪੰਜਾਬ ਨਾਲ ਸਬੰਧਿਤ ਮੁੱਦਿਆਂ ਤੇ ਪੰਜਾਬ ਰਾਜਪਾਲ ਨੂੰ ਧਿਆਨ ਦਿਵਾਉਂਦੇ ਹੋਏ ਇਨਸਾਫ਼ ਦੀ ਮੰਗ ਕੀਤੀ ਗਈ। ਵਫ਼ਦ ਦੇ ਰੂਪ ਵਿੱਚ ਦਿੱਤੇ ਮੈਮੋਰੰਡਮ ਵਿੱਚ ਮੰਗ ਕੀਤੀ ਗਈ ਕਿ ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪ੍ਰਭਾਵ ਨਾਲ ਪੈਰੋਲ ਦਿੱਤੀ ਜਾਵੇ । ਕੇਂਦਰ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਤਬੀਅਤ ਬਹੁਤ ਜਿਆਦਾ ਨਾਸਾਜ਼ ਹੈ ਪਰ ਭਾਈ ਹਵਾਰਾ ਨੂੰ ਆਪਣੀ ਬਜ਼ੁਰਗ ਅਤੇ ਬਿਮਾਰ ਮਾਤਾ ਦੀ ਸੇਵਾ ਲਈ ਅਜੇ ਤੱਕ ਪੈਰੋਲ ਨਹੀਂ ਮਿਲੀ। ਇੱਕ ਪੁੱਤਰ ਨੂੰ ਆਪਣੀ ਮਾਤਾ ਦੀ ਨਾਜ਼ੁਕ ਹਾਲਤ ਵਿੱਚ ਸੇਵਾ ਤੋਂ ਵਾਂਝਾ ਰੱਖਣਾ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ। ਦਿੱਤੇ ਗਏ ਮੈਮੋਰੈਂਡਮ ਵਿੱਚ ਹਵਾਰਾ ਪਿੰਡ ਦੀ ਪੰਚਾਇਤ ਕਮੇਟੀ ਦਾ ਮਤਾ ਵੀ ਪੇਸ਼ ਕੀਤਾ ਗਿਆ, ਜੋ ਪੈਰੋਲ ਸਮੇਂ ਦੀ ਪੂਰੀ ਜ਼ਿੰਮੇਵਾਰੀ ਲੈਣ ਦੀ ਰੂਪ ਵਿੱਚ ਪਾਸ ਕੀਤਾ ਗਿਆ ਮਤਾ ਹੈ। ਪਿੰਡ ਦੀ ਪੰਚਾਇਤ ਵੱਲੋਂ ਵੀ ਭਾਈ ਹਵਾਰਾ ਨੂੰ ਤੁਰੰਤ ਪੈਰੋਲ ਦੇਣ ਦੀ ਮੰਗ ਕੀਤੀ ਗਈ ਹੈ ਤਾਂ ਜੋ ਭਾਈ ਹਵਾਰਾ ਆਪਣੀ ਬਿਰਧ ਮਾਤਾ ਦੀ ਸੇਵਾ ਕਰ ਸਕਣ। ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ ਵਿੱਚ ਕੇਂਦਰ ਸਰਕਾਰ ਤੋਂ ਤੁਰੰਤ ਰਿਹਾਈ ਦੀ ਮੰਗ ਕੀਤੀ ਗਈ। ਮੈਮੋਰੰਡਮ ਵਿਚ ਕਿਹਾ ਗਿਆ ਕਿ ਭਾਈ ਰਾਜੋਆਣਾ ਪਹਿਲਾਂ ਹੀ ਉਮਰ ਕੈਦ ਤੋਂ ਦੁੱਗਣੀ ਸਜ਼ਾ ਭੁਗਤ ਚੁੱਕੇ ਹਨ। ਹੁਣ ਓਹਨਾ ਨੂੰ ਹੋਰ ਕੈਦ ਵਿੱਚ ਰੱਖਣਾ ਬੇਇਨਸਾਫੀ ਹੈ। ਅਜਿਹੀ ਕਾਰਵਾਈ ਇਨਸਾਫ਼ ਦੇਣ ਵੱਲ ਵਧਣ ਦੀ ਬਜਾਏ ਸਿੱਖ ਕੌਮ ਦੇ ਜ਼ਖ਼ਮਾਂ ਨੂੰ ਹੋਰ ਗਹਿਰਾ ਕਰਦੀ ਹੈ। ਪਾਰਟੀ ਵਲੋ ਮੰਗ ਕੀਤੀ ਗਈ ਭਾਈ ਰਾਜੋਆਣਾ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਬੰਦੀ ਸਿੰਘਾਂ ਦੀ ਰਿਹਾਈ ਮਾਮਲੇ ਵਿੱਚ ਪੰਜਾਬ ਰਾਜਪਾਲ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਪ੍ਰਕਾਸ਼ ਪੁਰਬ ਦੀ ਆਮਦ ਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਪਹਿਲਾਂ ਹੀ (ਚਿੱਠੀ ਨੰਬਰ 0005, ਮਿਤੀ 26 ਸਤੰਬਰ 2025) ਮਾਣਯੋਗ ਪ੍ਰਧਾਨ ਮੰਤਰੀ ਜੀ ਨੂੰ ਵਿਸਥਾਰ ਨਾਲ ਭੇਜੀ ਗਈ ਹੈ ਜਿਸ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਗਈ ਹੈ। ਦੇਸ਼ ਜਦੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਮਨਾ ਰਿਹਾ ਹੈ, ਇਸ ਇਤਿਹਾਸਕ ਮੌਕੇ 'ਤੇ ਉਹਨਾਂ ਸਿੱਖ ਕੈਦੀਆਂ ਨੂੰ ਰਿਹਾਅ ਕਰਨਾ ਜੋ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ,ਬਹੁਤ ਹੀ ਉਚਿਤ ਤੇ ਸਕਰਾਤਮਕ ਕਦਮ ਹੋਵੇਗਾ। ਇਹ ਕਦਮ ਕੇਂਦਰ ਸਰਕਾਰ ਵੱਲੋਂ ਸਿੱਖ ਕੌਮ ਨਾਲ ਭਰੋਸਾ ਬਣਾਉਣ ਅਤੇ ਵਿਸ਼ਵਾਸ ਦਾ ਪ੍ਰਗਟਾਵਾ ਹੋਵੇਗਾ। ਇਸ ਦੇ ਨਾਲ ਹੀ ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਰਾਹਤ ਫੰਡਾਂ 'ਤੇ ਵ੍ਹਾਈਟ ਪੇਪਰ ਜਾਰੀ ਕਰੇ। ਪੰਜਾਬ ਸਰਕਾਰ ਵੱਲੋਂ ਕੇਂਦਰ ਤੋਂ ਮਿਲੇ ਰਾਹਤ ਫੰਡਾਂ ਸਬੰਧੀ ਬਿਆਨਾਂ ਨੇ ਪੰਜਾਬ ਵਾਸੀਆਂ ਵਿੱਚ ਬੇਯਕੀਨੀ ਦਾ ਮਾਹੌਲ ਪੈਦਾ ਕੀਤਾ ਹੈ। ਵਿਧਾਨ ਸਭਾ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਵੱਡੀ ਰਕਮ ਅਜੇ ਬਾਕੀ ਹੈ, ਜਦਕਿ ਦਿੱਲੀ ਵਿੱਚ ਗ੍ਰਹਿ ਮੰਤਰੀ ਨਾਲ ਮੀਟਿੰਗ ਤੋਂ ਬਾਅਦ ਮੀਡੀਆ ਵਿੱਚ ਕਿਹਾ ਕਿ ਪੂਰੇ ?12,000 ਕਰੋੜ ਮਿਲ ਕੇ ਵਰਤੇ ਜਾ ਚੁੱਕੇ ਹਨ ਅਤੇ ਵਾਧੂ ?1,600 ਕਰੋੜ ਵੀ ਮਿਲੇ ਹਨ। ਇਹ ਵਿਰੋਧੀ ਦਾਅਵੇ ਸਰਕਾਰ ਦੀ ਭਰੋਸੇਯੋਗਤਾ ਤੇ ਸਵਾਲ ਖੜੇ ਕਰਦੇ ਹਨ ਅਤੇ ਲੋਕਾਂ ਵਿੱਚ ਗੰਭੀਰ ਸਵਾਲ ਪੈਦਾ ਹੁੰਦੇ ਹਨ ਕਿ, ਫਿਰ ਇਹ ਫੰਡ ਕਿੱਥੇ ਵਰਤੇ ਗਏ। ਇਸ ਲਈ ਅਸੀਂ ਮੰਗ ਕਰਦੇ ਹਾਂ ਕਿ ਤੁਰੰਤ ਇਕ ਵਿਸਥਾਰਿਤ ਵ੍ਹਾਈਟ ਪੇਪਰ ਜਾਰੀ ਕਰਕੇ ਵਰਤੀ ਗਈ ਰਕਮ ਦਾ ਹਿਸਾਬ ਲੋਕਾਂ ਸਾਹਮਣੇ ਰੱਖਿਆ ਜਾਵੇ। ਇਸ ਦੇ ਨਾਲ ਹੀ ਮੰਗ ਕੀਤੀ ਗਈ ਕਿ ਗੁਰ ਪੁਰਬ ਮਨਾਉਣ ਲਈ ਨਾਨਕਾਣਾ ਸਾਹਿਬ ਜਾਣ ਵਾਲੀ ਸੰਗਤ ਨੂੰ ਬਗੈਰ ਦੇਰੀ ਕੀਤੇ ਇਜਾਜ਼ਤ ਦਿੱਤੀ ਜਾਵੇ। ਓਹਨਾ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ। ਇਹ ਵੀ ਧਿਆਨ ਵਿੱਚ ਲਿਆਂਦਾ ਗਿਆ ਕਿ ਹਾਲ ਹੀ ਦੇ ਟਕਰਾਅ ਤੋਂ ਬਾਅਦ ਭਾਰਤ-ਪਾਕਿਸਤਾਨ ਵਿੱਚ ਕ੍ਰਿਕਟ ਮੈਚ ਮੁੜ ਸ਼ੁਰੂ ਹੋ ਚੁੱਕੇ ਹਨ। ਜੇਕਰ ਭਾਰਤ ਪਾਕਿਸਤਾਨ ਟੀਮਾਂ ਵਿਚਾਲੇ ਲਗਾਤਾਰ ਤਿੰਨ ਕ੍ਰਿਕਟ ਮੈਚ ਹੋ ਸਕਦੇ ਹਨ ਤਾਂ ਫਿਰ ਇਸ ਸੰਦਰਭ ਵਿੱਚ ਸਿੱਖ ਯਾਤਰੀਆਂ ਨੂੰ ਆਪਣੇ ਪਵਿੱਤਰ ਸਥਾਨਾਂ ਦੀ ਯਾਤਰਾ ਲਈ ਸੁਰੱਖਿਅਤ ਰਾਹਦਾਰੀ ਕਿਉਂ ਨਹੀਂ ਮਿਲ ਸਕਦੀ। ਮੰਗ ਕੀਤੀ ਗਈ ਕਿ ਤੁਰੰਤ ਕਰਤਾਰਪੁਰ ਕੋਰੀਡੋਰ ਖੋਲ੍ਹਿਆ ਜਾਵੇ ਅਤੇ ਸਿੱਖ ਸੰਗਤਾਂ ਨੂੰ ਨਨਕਾਣਾ ਸਾਹਿਬ ਜਾਣ ਦੀ ਇਜਾਜ਼ਤ ਮਿਲੇ।